ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245317/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 13 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਕਰਜ਼ੇ ਦੀ ਮਾਰ ਹੇਠ ਦੇਸ਼ ਦਾ ਅੰਨਦਾਤਾ

# ਪੰਜਾਬ ਤੀਜੇ ਤੇ ਹਰਿਆਣਾ ਚੌਥੇ ਨੰਬਰ 'ਤੇ

**ਨਵੀਂ ਦਿੱਲੀ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਦੇ ਕਿਸਾਨ ਜੋ ਕਿ ਦੇਸ਼ ਦੇ ਅੰਨ ਭੰਡਾਰ 'ਚ ਵੱਡਾ ਹਿੱਸਾ ਪਾਉਂਦੇ ਹਨ, ਸਭ ਤੋਂ ਵੱਧ ਕਰਜ਼ਦਾਰ ਹਨ। ਮਿਲੀ ਜਾਣਕਾਰੀ ਮੁਤਾਬਿਕ ਪ੍ਰਤੀ ਕਿਸਾਨ ਪਰਿਵਾਰ 2.03 ਰੁਪਏ ਲੱਖ ਅਤੇ 1.83 ਲੱਖ ਰੁਪਏ ਦੇ ਬਕਾਇਆ ਕਰਜ਼ੇ ਦੇ ਨਾਲ, ਪੰਜਾਬ ਅਤੇ ਹਰਿਆਣਾ ਲੜੀਵਾਰ ਤੀਜੇ ਅਤੇ ਚੌਥੇ ਸਥਾਨ 'ਤੇ ਹਨ। ਇਸ ਤੋਂ ਇਲਾਵਾ ਪ੍ਰਤੀ ਕਿਸਾਨ ਪਰਿਵਾਰ ਕਰਜ਼ੇ ਦੇ ਮਾਮਲੇ ਵਿੱਚ ਸਿਰਫ਼ ਆਂਧਰਾ ਪ੍ਰਦੇਸ਼ 2.45 ਲੱਖ ਰੁਪਏ ਅਤੇ ਕੇਰਲ 2.42 ਲੱਖ ਰੁਪਏ ਦੇ ਨਾਲ ਪੰਜਾਬ ਅਤੇ ਹਰਿਆਣਾ ਤੋਂ ਅੱਗੇ ਹਨ। ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਲੋਕ ਸਭਾ ਵਿੱਚ ਸੰਸਦ ਮੈਂਬਰ ਕਾਲੀਪਾੜਾ ਸਰੇਨ ਖੇਰਵਾਲ ਦੇ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਪੂਰੇ ਦੇਸ਼ ਵਿੱਚ ਪ੍ਰਤੀ ਕਿਸਾਨ ਪਰਿਵਾਰ ਕਰਜ਼ਾ 74,121 ਰੁਪਏ ਹੈ। ਨਾਗਾਲੈਂਡ 'ਤੇ ਸਭ ਤੋਂ ਘੱਟ ਕਰਜ਼ਾ ਹੈ ਜੋਕਿ ਸਿਰਫ 1,750 ਰੁਪਏ ਹੈ। ਇਸ ਤੋਂ ਬਾਅਦ ਮੇਘਾਲਿਆ 2,237 ਰੁਪਏ ਅਤੇ ਅਰੁਣਾਚਲ ਪ੍ਰਦੇਸ਼ 3,581 ਰੁਪਏ ਦਾ ਨੰਬਰ ਆਉਂਦਾ ਹੈ। ਇਸ ਤੋਂ ਇਲਾਵਾ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਸਮੂਹ ਨੇ ਪ੍ਰਤੀ ਕਿਸਾਨ ਪਰਿਵਾਰ 25,629 ਰੁਪਏ ਦਾ ਕਰਜ਼ਾ ਦੱਸਿਆ। ਰਾਜਸਥਾਨ 'ਤੇ 1.13 ਲੱਖ ਰੁਪਏ, ਹਿਮਾਚਲ ਪ੍ਰਦੇਸ਼ 'ਤੇ 85,825 ਰੁਪਏ ਅਤੇ ਜੰਮੂ-ਕਸ਼ਮੀਰ 'ਤੇ 30,435 ਰੁਪਏ ਦਾ ਕਰਜ਼ਾ ਹੈ। ਇਸ ਤੋਂ ਇਲਾਵਾ 1 ਲੱਖ ਰੁਪਏ ਤੋਂ ਵੱਧ ਦੇ ਕਰਜ਼ੇ ਵਾਲੇ ਰਾਜਾਂ ਵਿੱਚ ਤਾਮਿਲਨਾਡੂ 1.06 ਲੱਖ ਰੁਪਏ, ਕਰਨਾਟਕ 1.26 ਲੱਖ ਰੁਪਏ, ਅਤੇ ਤੇਲੰਗਾਨਾ 1.52 ਲੱਖ ਰੁਪਏ ਸ਼ਾਮਲ ਹਨ। ਹਿੰਦੀ ਭਾਸ਼ੀ ਸੂਬਿਆਂ ਵਿੱਚ ਖੇਤੀਬਾੜੀ ਕਰਜ਼ੇ ਦਾ ਪੱਧਰ ਘੱਟ ਹੈ। ਇਨ੍ਹਾਂ ਵਿੱਚ ਬਿਹਾਰ 23,534 ਰੁਪਏ, ਛੱਤੀਸਗੜ੍ਹ 21,443 ਰੁਪਏ, ਝਾਰਖੰਡ 8,415 ਰੁਪਏ, ਮੱਧ ਪ੍ਰਦੇਸ਼ 74,420 ਰੁਪਏ, ਓਡੀਸ਼ਾ 32,721 ਰੁਪਏ, ਉਤਰਾਖੰਡ 48,338 ਰੁਪਏ, ਅਤੇ ਉੱਤਰ ਪ੍ਰਦੇਸ਼ 51,107 ਰੁਪਏ ਸ਼ਾਮਲ ਹਨ। ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਇਹ ਵੀ ਦੱਸਿਆ ਕਿ ਦੇਸ਼ ਦੇ ਪੇਂਡੂ ਖੇਤਰਾਂ ਵਿੱਚ ਪ੍ਰਤੀ ਖੇਤੀਬਾੜੀ ਪਰਿਵਾਰ ਬਕਾਇਆ ਕਰਜ਼ੇ ਦੀ ਔਸਤ ਰਕਮ ਦਾ ਅਨੁਮਾਨ ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲਾ ਦੇ ਰਾਸ਼ਟਰੀ ਅੰਕੜਾ ਦਫ਼ਤਰ ਦੁਆਰਾ ਕੀਤੇ ਗਏ ਸਥਿਤੀਗਤ ਮੁਲਾਂਕਣ ਸਰਵੇਖਣਾਂ ਦੁਆਰਾ ਲਗਾਇਆ ਜਾਂਦਾ ਹੈ।







## ਲੁਧਿਆਣਾ ਪੁਲਿਸ ਦਾ ਵੱਡਾ ਐਕਸ਼ਨ, ਹਥਿਆਰ ਰੱਖਣ ਦੇ ਸ਼ੌਕੀਨਾਂ 'ਤੇ ਡਿੱਗੀ ਗਾਜ਼, 200 ਲਾਇਸੈਂਸ ਰੱਦ

**ਲੁਧਿਆਣਾ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਲਗਾਤਾਰ ਵੱਧ ਰਹੀਆਂ ਅਪਰਾਧਿਕ ਘਟਨਾਵਾਂ ਅਤੇ ਕਾਨੂੰਨ-ਵਿਵਸਥਾ ਦੇ ਮੱਦੇਨਜ਼ਰ ਹੁਣ ਪੁਲਿਸ ਪ੍ਰਸ਼ਾਸਨ ਪੂਰੀ ਤਰ੍ਹਾਂ ਐਕਸ਼ਨ ਮੋਡ ਵਿੱਚ ਹੈ। ਹਥਿਆਰਾਂ ਦੇ ਜ਼ਰੀਏ ਡਰ ਬਣਾਉਣ ਵਾਲਿਆਂ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਪੁਲਿਸ ਨੇ ਵੱਡੀ ਕਾਰਵਾਈ ਕੀਤੀ ਹੈ। ਪੁਲਿਸ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਦੇ ਲਗਭਗ 200 ਹਥਿਆਰ ਧਾਰਕਾਂ ਦੇ ਲਾਇਸੈਂਸ ਰੱਦ ਕਰ ਦਿੱਤੇ ਗਏ ਹਨ। ਪੁਲਿਸ ਦੀ ਇਸ ਕਾਰਵਾਈ ਨਾਲ ਹਥਿਆਰ ਰੱਖਣ ਦੇ ਸ਼ੌਕੀਨਾਂ ਵਿੱਚ ਹੜਕੰਪ ਮਚ ਗਿਆ ਹੈ। ਪੁਲਿਸ ਕਮਿਸ਼ਨਰ ਨੇ ਪੱਤਰਕਾਰਾਂ ਨੂੰ ਮਿਲਦਿਆਂ ਸਾਫ਼ ਕੀਤਾ ਕਿ ਹੁਣ ਪੁਲਿਸ ਆਰਮਜ਼ ਹੋਲਡਰਾਂ ਤੇ ਕਿਸੇ ਵੀ ਤਰ੍ਹਾਂ ਦੀ ਛੋਟ ਦੇਣ ਦੇ ਮੂਡ ਵਿੱਚ ਨਹੀਂ ਹੈ। ਉਨ੍ਹਾਂ ਦੱਸਿਆ ਕਿ ਜਿਨ੍ਹਾਂ 200 ਲੋਕਾਂ ਦੇ ਲਾਇਸੈਂਸ ਰੱਦ ਕੀਤੇ ਗਏ ਹਨ, ਉਨ੍ਹਾਂ ਖ਼ਿਲਾਫ਼ ਅਗਲੀ ਕਾਨੂੰਨੀ ਕਾਰਵਾਈ ਵੀ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਪੁਲਿਸ ਦਾ ਸਪਸ਼ਟ ਸੁਨੇਹਾ ਹੈ ਕਿ ਜੇ ਹਥਿਆਰਾਂ ਦੇ ਨਿਯਮਾਂ ਦੀ ਉਲੰਘਣਾ ਹੋਈ, ਤਾਂ ਸਿੱਧਾ ਲਾਇਸੈਂਸ ਰੱਦ ਕਰਨ ਦੀ ਤਲਵਾਰ ਲਟਕਦੀ ਰਹੇਗੀ। ਲਾਇਸੈਂਸ ਰੱਦ ਕਰਨ ਦੇ ਨਾਲ-ਨਾਲ ਪੁਲਿਸ ਨੇ ਇੱਕ ਹੋਰ ਗੰਭੀਰ ਮਾਮਲੇ 'ਤੇ ਵੀ ਧਿਆਨ ਦਿੱਤਾ ਹੈ। ਪੁਲਿਸ ਨੇ ਸਿਵਲ ਹਸਪਤਾਲ ਦੇ SMO ਤੋਂ 11 ਲੋਕਾਂ ਦੀ ਡੋਪ ਟੈਸਟ ਰਿਪੋਰਟ ਬਾਰੇ ਸਪਸ਼ਟੀਕਰਨ ਮੰਗਿਆ ਹੈ। ਹਾਲਾਂਕਿ, ਪਿਛਲੇ ਕੁਝ ਦਿਨਾਂ ਵਿੱਚ ਨਕਲੀ ਡੋਪ ਟੈਸਟ ਰਿਪੋਰਟ ਬਣਵਾਕੇ ਲਾਇਸੈਂਸ ਰੀਨਿਊ ਕਰਵਾਉਣ ਜਾਂ ਬਣਵਾਉਣ ਦੇ ਕੁਝ ਸ਼ੱਕੀ ਮਾਮਲੇ ਸਾਹਮਣੇ ਆਏ, ਜਿਸ ਤੋਂ ਬਾਅਦ ਪੁਲਿਸ ਨੇ ਹਸਪਤਾਲ ਪ੍ਰਸ਼ਾਸਨ ਤੋਂ ਇਸ ਬਾਰੇ ਸਾਫ਼-ਸਫ਼ਾਈ ਮੰਗੀ ਹੈ।

## ਸ਼੍ਰੋਮਣੀ ਅਕਾਲੀ ਦਲ ਵੱਲੋਂ 'ਪੰਜਾਬ ਬਚਾਓ ਮੋਰਚਾ' ਆਰੰਭ, ਸ਼ਡਿਊਲ ਜਾਰੀ


**ਚੰਡੀਗੜ੍ਹ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਪਾਰਟੀ ਨੇ ਸੂਬੇ ਭਰ ਵਿੱਚ ਇੱਕ ਵਿਸ਼ਾਲ ਜਨ ਸੰਪਰਕ ਮੁਹਿੰਮ ਦਾ ਐਲਾਨ ਕੀਤਾ ਹੈ ਅਤੇ ਰੈਲੀਆਂ ਦਾ ਸ਼ਿਡਊਲ ਜਾਰੀ ਕੀਤਾ ਹੈ। "ਪੰਜਾਬ ਬਚਾਓ, ਸੁਖਬੀਰ ਸਿੰਘ ਬਾਦਲ ਨੂੰ ਲਿਆਓ" ਸਲੋਗਨ ਵਾਲੀ ਇਹ ਮੁਹਿੰਮ ਸਪੱਸ਼ਟ ਤੌਰ 'ਤੇ ਪਾਰਟੀ ਦੀ ਲੀਡਰਸ਼ਿਪ ਅਤੇ ਏਜੰਡੇ 'ਤੇ ਕੇਂਦ੍ਰਿਤ ਹੈ। ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਦਲਜੀਤ ਸਿੰਘ ਚੀਮਾ ਵੱਲੋਂ ਜਾਣਕਾਰੀ ਦਿੱਤੀ ਗਈ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਦਲਜੀਤ ਸਿੰਘ ਚੀਮਾ ਦੇ ਅਨੁਸਾਰ, ਵਿਸਾਖੀ ਤੱਕ ਸੂਬੇ ਭਰ ਦੇ 40 ਵਿਧਾਨ ਸਭਾ ਹਲਕਿਆਂ ਵਿੱਚ ਵੱਡੀਆਂ ਜਨਤਕ ਰੈਲੀਆਂ ਕੀਤੀਆਂ ਜਾਣਗੀਆਂ। ਇਨ੍ਹਾਂ ਰੈਲੀਆਂ ਰਾਹੀਂ, ਪਾਰਟੀ ਸੂਬਾ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਨੂੰ ਉਜਾਗਰ ਕਰੇਗੀ ਅਤੇ ਕਿਸਾਨਾਂ, ਨੌਜਵਾਨਾਂ, ਕਾਰੋਬਾਰੀਆਂ ਅਤੇ ਧਾਰਮਿਕ ਸੰਗਠਨਾਂ ਨਾਲ ਸਿੱਧਾ ਸੰਪਰਕ ਸਥਾਪਤ ਕੀਤਾ ਜਾਵੇਗਾ। ਮੁਹਿੰਮ ਦੀ ਪਹਿਲੀ ਰੈਲੀ 17 ਫਰਵਰੀ ਨੂੰ ਕਾਦੀਆਂ ਵਿੱਚ ਸ਼ੁਰੂ ਹੋਵੇਗੀ। ਸੀਨੀਅਰ ਅਕਾਲੀ ਆਗੂ ਦਾ ਕਹਿਣਾ ਹੈ ਕਿ ਇਹ ਸਿਰਫ਼ ਚੋਣ ਰੈਲੀਆਂ ਨਹੀਂ ਹਨ, ਸਗੋਂ ਇੱਕ "ਜਨ ਜਾਗਰੂਕਤਾ ਮੁਹਿੰਮ" ਹੈ ਜਿਸਦਾ ਉਦੇਸ਼ ਪੰਜਾਬ ਦੇ ਆਰਥਿਕ, ਸਮਾਜਿਕ ਅਤੇ ਧਾਰਮਿਕ ਮੁੱਦਿਆਂ ਨੂੰ ਉਜਾਗਰ ਕਰਨਾ ਹੈ। ਹੋਰ ਵੇਰਵੇ ਦੱਸਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਨੈਤਿਕਤਾ ਦੀ ਰਾਜਨੀਤੀ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਅਸੀਂ ਹਮੇਸ਼ਾ ਬੀਤੇ ਸਮੇਂ ਵਿਚ ਜੋ ਵਾਅਦੇ ਉਹ ਪੂਰੇ ਕੀਤੇ ਹਨ।



## 27 ਫਰਵਰੀ ਨੂੰ ਫ਼ੈਸਲਾ ! ਕੇਜਰੀਵਾਲ, ਸਿਸੋਦੀਆ ਸਣੇ 23 ਖ਼ਿਲਾਫ਼ 100 ਕਰੋੜ ਦੀ ਰਿਸ਼ਵਤ ਦਾ ਇਲਜ਼ਾਮ

**ਨਵੀਂ ਦਿੱਲੀ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ ਵੀਰਵਾਰ ਨੂੰ ਦਿੱਲੀ ਆਬਕਾਰੀ ਨੀਤੀ ਭ੍ਰਿਸ਼ਟਾਚਾਰ ਮਾਮਲੇ 'ਚ ਦੋਸ਼ ਤੈਅ ਕਰਨ ਸਬੰਧੀ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਹੈ। ਵਿਸ਼ੇਸ਼ ਜੱਜ ਜਤਿੰਦਰ ਸਿੰਘ ਨੇ ਸੀ.ਬੀ.ਆਈ. ਅਤੇ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਸਮੇਤ 21 ਹੋਰ ਮੁਲਜ਼ਮਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਇਹ ਫੈਸਲਾ ਰਾਖਵਾਂ ਰੱਖਿਆ। ਅਦਾਲਤ ਵੱਲੋਂ ਇਸ ਮਾਮਲੇ 'ਚ 27 ਫਰਵਰੀ ਨੂੰ ਫੈਸਲਾ ਸੁਣਾਏ ਜਾਣ ਦੀ ਸੰਭਾਵਨਾ ਹੈ। ਸੀ.ਬੀ.ਆਈ. ਨੇ ਦੋਸ਼ ਲਾਇਆ ਹੈ ਕਿ ਸ਼ਰਾਬ ਕਾਰੋਬਾਰੀਆਂ ਦੇ ਇਕ ਗਰੁੱਪ 'ਦੱਖਣੀ ਲਾਬੀ' ਵੱਲੋਂ ਦਿੱਲੀ ਦੀ ਆਬਕਾਰੀ ਨੀਤੀ ਨੂੰ ਆਪਣੇ ਪੱਖ 'ਚ ਕਰਵਾਉਣ ਲਈ 100 ਕਰੋੜ ਰੁਪਏ ਦਿੱਤੇ ਗਏ ਸਨ। ਇਸ ਮਾਮਲੇ 'ਚ ਸੀ.ਬੀ.ਆਈ. ਵੱਲੋਂ ਚਾਰਜਸ਼ੀਟ ਕੀਤੇ ਗਏ 23 ਮੁਲਜ਼ਮਾਂ 'ਚ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਕੇ. ਕਵਿਤਾ, ਵਿਜੇ ਨਾਇਰ ਅਤੇ ਹੋਰ ਕਈ ਨਾਂ ਸ਼ਾਮਲ ਹਨ। ਸੁਣਵਾਈ ਦੌਰਾਨ ਸੀ.ਬੀ.ਆਈ. ਨੇ ਅਦਾਲਤ 'ਚ ਕਿਹਾ ਕਿ ਮੁਲਜ਼ਮਾਂ ਖ਼ਿਲਾਫ਼ ਦੋਸ਼ ਤੈਅ ਕਰਨ ਲਈ ਕਾਫੀ ਸਬੂਤ ਮੌਜੂਦ ਹਨ ਅਤੇ ਸਾਜ਼ਿਸ਼ ਦੇ ਅਪਰਾਧ ਨੂੰ ਪੂਰੀ ਤਰ੍ਹਾਂ ਦੇਖਣ ਦੀ ਲੋੜ ਹੈ।





ਦੂਜੇ ਪਾਸੇ, ਅਰਵਿੰਦ ਕੇਜਰੀਵਾਲ ਦੇ ਸੀਨੀਅਰ ਵਕੀਲ ਐਨ. ਹਰੀਹਰਨ ਨੇ ਦਲੀਲ ਦਿੱਤੀ ਕਿ ਕੇਜਰੀਵਾਲ ਖ਼ਿਲਾਫ਼ ਕੋਈ ਵੀ ਇਤਰਾਜ਼ਯੋਗ ਸਮੱਗਰੀ ਨਹੀਂ ਮਿਲੀ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਸਿਰਫ਼ ਮੁੱਖ ਮੰਤਰੀ ਵਜੋਂ ਆਪਣੀ ਸਰਕਾਰੀ ਡਿਊਟੀ ਨਿਭਾ ਰਹੇ ਸਨ। ਵਕੀਲ ਨੇ ਇਹ ਵੀ ਦਾਅਵਾ ਕੀਤਾ ਕਿ ਕੇਜਰੀਵਾਲ ਦਾ ਨਾਂ ਪਹਿਲੀ ਚਾਰਜਸ਼ੀਟ ਜਾਂ ਤਿੰਨ ਸਪਲੀਮੈਂਟਰੀ ਚਾਰਜਸ਼ੀਟਾਂ ਵਿੱਚ ਨਹੀਂ ਸੀ, ਸਗੋਂ ਉਨ੍ਹਾਂ ਦਾ ਨਾਂ ਚੌਥੀ ਚਾਰਜਸ਼ੀਟ 'ਚ 'ਕੱਟ-ਐਂਡ-ਪੇਸਟ' ਕਰਕੇ ਸ਼ਾਮਲ ਕੀਤਾ ਗਿਆ ਹੈ। ਬਚਾਅ ਪੱਖ ਨੇ ਅਦਾਲਤ ਨੂੰ ਦੱਸਿਆ ਕਿ ਅਜਿਹਾ ਕੋਈ ਵੀ ਸਬੂਤ ਜਾਂ ਲਿੰਕ ਨਹੀਂ ਹੈ ਜੋ ਇਹ ਸਾਬਤ ਕਰੇ ਕਿ ਕੇਜਰੀਵਾਲ ਨੇ ਕਿਸੇ ਨੂੰ ਦੱਖਣੀ ਲਾਬੀ ਤੋਂ ਪੈਸੇ ਲੈਣ ਲਈ ਕਿਹਾ ਸੀ।

ਉਨ੍ਹਾਂ ਨੇ ਚੌਥੀ ਚਾਰਜਸ਼ੀਟ ਨੂੰ ਸਿਰਫ਼ ਪੁਰਾਣੀਆਂ ਗੱਲਾਂ ਨੂੰ ਨਵੇਂ ਰੂਪ 'ਚ ਪੇਸ਼ ਕਰਨ ਵਾਲੀ ਦੱਸਿਆ, ਜਿਸ ਦਾ ਮਕਸਦ ਸਿਰਫ਼ ਇੱਕ ਅਧਿਕਾਰੀ ਨੂੰ ਫਸਾਉਣਾ ਹੈ ਜੋ ਆਪਣੀ ਡਿਊਟੀ ਕਰ ਰਿਹਾ ਸੀ। ਅਦਾਲਤ ਨੇ ਸਰਕਾਰੀ ਗਵਾਹ ਬਣੇ ਰਾਘਵ ਮੰਗੁੰਤਾ ਦੇ ਬਿਆਨਾਂ 'ਤੇ ਵੀ ਵਕੀਲਾਂ ਤੋਂ ਸਪੱਸ਼ਟੀਕਰਨ ਮੰਗਿਆ ਹੈ।

## ਹਰਿਆਣਾ ਦੇ ਮੁੱਖ ਮੰਤਰੀ 'ਤੇ 'ਆਪ' ਦਾ ਵੱਡਾ ਇਲਜ਼ਾਮ, ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਕਿਹਾ - ਮੁੱਖ ਮੰਤਰੀ ਸੈਣੀ ਨੇ ਮੈਨੂੰ ਖਰੀਦਣ ਦੀ ਕੀਤੀ ਕੋਸ਼ਿਸ਼




**ਚੰਡੀਗੜ੍ਹ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸੰਗਰੂਰ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦਾਅਵਾ ਕੀਤਾ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਨ੍ਹਾਂ ਨੂੰ ਬੰਦ ਕਮਰੇ ਵਿੱਚ ਮੀਟਿੰਗ ਦੀ ਪੇਸ਼ਕਸ਼ ਕੀਤੀ ਅਤੇ ਸੰਗਰੂਰ ਤੋਂ ਟਿਕਟ ਦੇਣ ਦਾ ਵਾਅਦਾ ਕੀਤਾ। ਨਰਿੰਦਰ ਕੌਰ ਭਰਾਜ ਨੇ ਕਿਹਾ ਕਿ 'ਆਪ੍ਰੇਸ਼ਨ ਲੋਟਸ' ਦੀ ਦੇਸ਼-ਵਿਆਪੀ ਚਰਚਾ ਦੇ ਅਨੁਸਾਰ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਹਾਲ ਹੀ ਵਿੱਚ ਉਨ੍ਹਾਂ ਨਾਲ ਸੰਪਰਕ ਕੀਤਾ ਅਤੇ ਭਾਜਪਾ ਦੇ ਭਵਿੱਖ ਦੇ ਕਾਰਜਕ੍ਰਮ ਬਾਰੇ ਚਰਚਾ ਕਰਨ ਲਈ ਬੰਦ ਕਮਰੇ ਵਿੱਚ ਮੀਟਿੰਗ ਦਾ ਪ੍ਰਸਤਾਵ ਰੱਖਿਆ। ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਭਾਜਪਾ ਨੂੰ ਹਰ ਹਲਕੇ ਵਿੱਚ ਉਮੀਦਵਾਰਾਂ ਦੀ ਲੋੜ ਹੈ, ਇਸ ਲਈ ਉਹ ਦੂਜੀਆਂ ਪਾਰਟੀਆਂ ਨਾਲ ਸੰਪਰਕ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਸੈਣੀ ਨੇ ਉਨ੍ਹਾਂ ਨਾਲ ਮੁਲਾਕਾਤ ਲਈ ਸੰਪਰਕ ਕੀਤਾ ਅਤੇ ਕਿਹਾ ਕਿ ਉਹ ਉਨ੍ਹਾਂ ਨੂੰ ਸੰਗਰੂਰ ਤੋਂ ਟਿਕਟ ਦੇਣਗੇ ਅਤੇ ਉਨ੍ਹਾਂ ਦੀਆਂ ਹੋਰ ਕੋਈ ਵੀ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ।"

ਨਰਿੰਦਰ ਕੌਰ ਭਰਾਜ ਨੇ ਕਿਹਾ, "ਮੈਂ ਸੈਣੀ ਸਾਹਿਬ ਨੂੰ ਕਹਿਣਾ ਚਾਹੁੰਦੀ ਹਾਂ ਕਿ ਇਸ ਭਰਮ ਵਿੱਚ ਨਾ ਰਹੋ ਕਿ ਮੈਂ ਤੁਹਾਡੀ ਰਾਜਨੀਤੀ ਦਾ ਸ਼ਿਕਾਰ ਹੋ ਜਾਵਾਂਗੀ। ਅਸੀਂ ਇੱਥੇ ਸਿਸਟਮ ਬਦਲਣ ਲਈ ਆਏ ਸੀ। ਅਸੀਂ ਕੇਜਰੀਵਾਲ ਅਤੇ ਸੀਐਮ ਮਾਨ ਦੇ ਨਾਲ ਲੋਕਾਂ ਨੂੰ ਚੰਗੀ ਸਿੱਖਿਆ ਅਤੇ ਸਿਹਤ ਸੰਭਾਲ ਪ੍ਰਦਾਨ ਕਰਨ ਲਈ ਆਏ ਸੀ। ਅੱਜ, ਅਸੀਂ ਇਸ 'ਤੇ ਮਜ਼ਬੂਤੀ ਨਾਲ ਖੜ੍ਹੇ ਹਾਂ।"

ਨਰਿੰਦਰ ਕੌਰ ਭਰਾਜ ਨੇ ਕਿਹਾ, "ਹਰਿਆਣਾ ਦੇ ਮੁੱਖ ਮੰਤਰੀ ਨੂੰ ਮੇਰੇ ਰਾਜਨੀਤਿਕ ਕਰੀਅਰ ਬਾਰੇ ਚਿੰਤਾ ਕਰਨਾ ਛੱਡ ਦੇਣਾ ਚਾਹੀਦਾ ਹੈ। ਮੈਂ 2027 ਦੀਆਂ ਚੋਣਾਂ ਲੜਾਂਗੀ ਜਾਂ ਨਹੀਂ, ਅਤੇ ਕਿੱਥੇ, ਇਹ ਮੇਰੀ ਪਾਰਟੀ ਰਾਹੀਂ ਤੈਅ ਕੀਤਾ ਜਾਵੇਗਾ।"

## ਸ੍ਰੀ ਅਕਾਲ ਤਖ਼ਤ ਸਾਹਿਬ ਪੇਸ਼ ਹੋਏ ਫਾਜ਼ਿਲਕਾ ਦੇ ਐਸ. ਐਸ. ਪੀ., ਜਥੇਦਾਰ ਅੱਗੇ ਰੱਖਿਆ ਪੱਖ

**ਅੰਮ੍ਰਿਤਸਰ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਫਾਜ਼ਿਲਕਾ ਦੇ ਐੱਸਐੱਸਪੀ ਗੁਰਮੀਤ ਸਿੰਘ ਨੇ ਮੁਲਾਕਾਤ ਕਰ ਕੇ ਆਪਣਾ ਪੱਖ ਰੱਖਿਆ ਹੈ। ਦੱਸਣਯੋਗ ਹੈ ਕਿ ਕੁਝ ਦਿਨ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ ਵਿੱਚ ਕੁਝ ਪੁਲਸ ਮੁਲਾਜ਼ਮ ਸਿਵਲ ਵਰਦੀ 'ਚ ਦੋ ਵਿਅਕਤੀਆਂ ਨੂੰ ਹਿਰਾਸਤ 'ਚ ਲੈਣ ਪਹੁੰਚੇ ਸਨ। ਇਸ ਘਟਨਾ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਕੜੀ ਨਾਰਾਜ਼ਗੀ ਜਤਾਉਂਦਿਆਂ ਕਿਹਾ ਕਿ ਇਸ ਘਟਨਾ ਬਰਦਾਸ਼ਤਯੋਗ ਨਹੀਂ ਹੈ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦੀ ਸੁਰੱਖਿਆ ਅਤੇ ਪ੍ਰਬੰਧਕੀ ਜ਼ਿੰਮੇਵਾਰੀ ਐੱਸ. ਜੀ. ਪੀ. ਸੀ. ਦੀ ਟਾਸਕ ਫੋਰਸ ਕੋਲ ਹੈ ਅਤੇ ਇਸ ਤਰ੍ਹਾਂ ਦੀ ਕਾਰਵਾਈ ਮਰਿਆਦਾਵਾਂ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਇਸ ਤਰ੍ਹਾਂ ਦੀ ਘਟਨਾ ਦੁਬਾਰਾ ਨਾ ਹੋਵੇ, ਇਸ ਲਈ ਪੁਲਸ ਵਿਭਾਗ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ ਹਨ। ਜਿਸ ਤੋਂ ਬਾਅਦ ਅੱਜ ਫਾਜ਼ਿਲਕਾ ਦੇ ਐੱਸ. ਐੱਸ. ਪੀ. ਗੁਰਮੀਤ ਸਿੰਘ ਆਪਣਾ ਪੱਖ ਰੱਖਣ ਲਈ ਸ੍ਰੀ ਅਕਾਲ ਸਾਹਿਬ ਪਹੁੰਚੇ।



ਮੁਲਾਕਾਤ ਦੌਰਾਨ ਜਥੇਦਾਰ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਭ ਨੂੰ ਸਾਂਝਾ ਉਪਦੇਸ਼ ਦਿੰਦਾ ਹੈ ਅਤੇ ਇੱਥੇ ਹਰ ਕੋਈ ਸ਼ਰਧਾ ਭਾਵਨਾ ਨਾਲ ਆਉਂਦਾ ਹੈ। ਪਵਿੱਤਰ ਸਥਾਨ 'ਤੇ ਕੋਈ ਵੀ ਅਜਿਹੀ ਗਤੀਵਿਧੀ ਨਹੀਂ ਹੋਣੀ ਚਾਹੀਦੀ ਜਿਸ ਨਾਲ ਸੰਗਤ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੇ। ਉਨ੍ਹਾਂ ਦੱਸਿਆ ਕਿ ਐੱਸਐੱਸਪੀ ਨੇ ਆਪਣਾ ਪੱਖ ਰੱਖਿਆ ਹੈ ਅਤੇ ਉਨ੍ਹਾਂ ਨੂੰ ਲਿਖਤੀ ਰੂਪ ਵਿੱਚ ਵੀ ਸਪੱਸ਼ਟੀਕਰਨ ਭੇਜਣ ਲਈ ਕਿਹਾ ਗਿਆ ਹੈ। ਜਥੇਦਾਰ ਮੁਤਾਬਕ ਪੁਲਸ ਅਧਿਕਾਰੀ ਨੇ ਵੀ ਮਹਿਸੂਸ ਕੀਤਾ ਕਿ ਜਿਸ ਤਰੀਕੇ ਨਾਲ ਪੁਲਸ ਕਰਮੀ ਅੰਦਰ ਦਾਖਲ ਹੋਏ, ਉਹ ਢੰਗ ਉਚਿਤ ਨਹੀਂ ਸੀ। ਉਨ੍ਹਾਂ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ 'ਚ ਅਜਿਹੀ ਗਲਤੀ ਨਹੀਂ ਦੁਹਰਾਈ ਜਾਵੇਗੀ। ਜਥੇਦਾਰ ਨੇ ਅੰਤ 'ਚ ਕਿਹਾ ਕਿ ਅਸੀਂ ਗੁਰੂ ਘਰ ਦੀ ਮਰਿਆਦਾ ਦਾ ਪੂਰਾ ਸਤਿਕਾਰ ਕਰਦੇ ਹਾਂ ਅਤੇ ਇੱਥੇ ਕੋਈ ਵੀ ਅਜਿਹੀ ਘਟਨਾ ਨਹੀਂ ਹੋਣੀ ਚਾਹੀਦੀ ਜੋ ਧਾਰਮਿਕ ਮਰਿਆਦਾ ਦੇ ਖ਼ਿਲਾਫ਼ ਹੋਵੇ।

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

ਧੰਨ ਧੰਨ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

## ਪ੍ਰੋਗਰਾਮ

ਆਵਾਜ਼ਿ ਕੌਮ AWAZE QAUM International Newspaper & WEB TV

ਮਿਤੀ : 11 ਫਰਵਰੀ 2026, ਦਿਨ ਬੁੱਧਵਾਰ ।

ਸਹਾਇਤਾ ਵੰਡ ਸਮਾਗਮ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਗਰਾਂਊਂਡ ਮਿਡਲ ਸਕੂਲ, ਪਿੰਡ ਐਮਾਂ ਜੱਟਾਂ, ਜ਼ਿਲਾ ਹੁਸ਼ਿਆਰਪੁਰ ਵਿਖੇ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ, ਯੋਗੀ ਦੇਵੀ ਨਾਥ ਐਮਾਂ ਜੱਟਾਂ ।

ਮੁੱਖ ਮਹਿਮਾਨ : ਸ: ਜਗਤਾਰ ਸਿੰਘ ਸਟੇਟ ਟੈਕਸ ਅਫ਼ਸਰ ਹੁਸ਼ਿਆਰਪੁਰ ।

ਵਿਸ਼ੇਸ਼ ਮਹਿਮਾਨ:
ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਯੂਨੀਕ ਹੋਮ, ਭਾਈ ਘੱਨਈਆ ਜੀ ਚੈਰੀਟੇਬਲ ਟਰੱਸਟ ਜਲੰਧਰ ।
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ
ਸ਼੍ਰੀ ਯੋਗ ਰਾਜ ਮੈਰਾ, ਡਾਇਰੈਕਟਰ ਫਾਈਨਾਂਸੀਅਲ ਐਡਵਾਈਜ਼ਰ ਡਿਪਾਰਟਮੈਂਟ ਆਫ ਪੋਸਟ ਮਨੀਸੀਟਰੀ ਆਫ ਕੁਮਿਨੀਕੇਸ਼ਨ ਭਾਰਤ ਸਰਕਾਰ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ SGPC ਅੰਮ੍ਰਿਤਸਰ, ਸ: ਦਲਜੀਤ ਸਿੰਘ ਖੱਖ, ਡੀ.ਐਸ.ਪੀ, ਗੜ੍ਹਸ਼ੰਕਰ।
ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਅਤੇ ਬੀ.ਡੀ.ਸੀ. ਨਵਾਂਸ਼ਹਿਰ ।
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਹਰਸੇਵਾ ਮੈਡੀਕਲ ਟਰੱਸਟ, ਯੂ.ਕੇ. ਮੋਰਾਂਵਾਲੀ ।, ਗ੍ਰੀਨ ਵਿਲੇਜ਼ ਸੁਸਾਇਟੀ, ਬੀਣੇਵਾਲ ।
ਉਪਕਾਰ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ, ਗੜ੍ਹਸ਼ੰਕਰ ।
ਮਾਤਾ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ, ਭੂੰਗਰਨੀ, ਹੁਸ਼ਿਆਰਪੁਰ।
ਲੈਕ: ਰਜਿੰਦਰ ਕੁਮਾਰ ਸ਼ਰਮਾ, ਬੰਗਾ।, ਸਮਾਜ ਭਲਾਈ ਸਵੈ-ਸੇਵੀ ਸੰਸਥਾ, ਪਿੰਡ ਸੁੱਜੋਂ ।
ਗੁਰੂ ਨਾਨਕ ਮਿਸ਼ਨ ਇੰਟਰਨੈਸ਼ਨਲ ਚੈਰੀਟੇਬਲ ਹਸਪਤਾਲ ਕੁਲਪੁਰ, ਨਵਾਂਗਰਾ ।
ਸ: ਜਤਿੰਦਰ ਸਿੰਘ ਲਾਡੀ ਸਭ ਦਾ ਭਲਾ ਚੈਰੀਟੇਬਲ ਹਸਪਤਾਲ, ਸ਼ਿਕਾਰ ਮਾਸ਼ੀਆਂ (ਗੁਰਦਾਸਪੁਰ)
ਰਵਿੰਦਰ ਕੌਰ ਕਨੇਡਾ ਐਮਾਂ ਜੱਟਾਂ, ਸੁਰਿੰਦਰ ਸਿੰਘ ਯੂ.ਕੇ. ਐਮਾਂ ਜੱਟਾਂ,
ਡਾ: ਪਰਮਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਸਲਾ ਕਾਲਜ, ਮਾਹਿਲਪੁਰ ।
ਡਾ: ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ, ਬੰਗਾ ।

ਇਸ ਮੌਕੇ ਤੇ ਧਾਰਮਿਕ ਪੁਸਤਕਾਂ ਦਾ ਲੰਗਰ ਲਗਾਇਆ ਜਾਵੇਗਾ ।

ਲਾਈਵ ਚੈਨਲ ਮਿਸਟਰ ਸਿੰਘ ਪ੍ਰੋਡੈਕਸ਼ਨ ਟੀ.ਵੀ. ਚੈਨਲ ਤੇ ਲਾਈਵ ਹੋਵੇਗਾ ।

ਸਨਮਾਨਿਤ ਸਖਸ਼ੀਅਤਾਂ ਅਤੇ ਸੰਸਥਾਵਾਂ
ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂਸ਼ਹਿਰ ।
ਸ: ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ।
ਡਾ: ਕਸ਼ਮੀਰ ਚੰਦ ਐਮ.ਐਸ. ਪੀ.ਸੀ.ਐਮ.ਐਸ.-1, ਸਰਜੀਕਲ ਸਪੈਸ਼ਲਿਸਟ, ਐਮ.ਜੇ. ਲਾਈਫ ਹਸਪਤਾਲ, ਬੰਗਾ
ਡਾ: ਨਿਰਮਲ ਕੁਮਾਰ, ਐਸ.ਐਮ.ਓ. ਸੀ.ਐਚ.ਸੀ. ਬੀਣੇਵਾਲ, ਰਿਟਾਇਰ ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ ।
ਰਿਟਾਇਰ ਵਾਈਸ ਚਾਂਸਲਰ ਧਰਮਜੀਤ ਸਿੰਘ ਪਰਮਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।
ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਤੇ ਚਾਨਣਾਂ ਪਾਉਣਗੇ ।

ਅਜ਼ਾਦ ਰੰਗਮੰਚ ਰਜਿ: ਕਲਾ ਭਵਨ ਫਗਵਾੜਾ ਵਲੋਂ ਬੀਬੀ ਕੁਲਵੰਤ ਦੇ ਨਿਰਦੇਸ਼ਨਾ ਤਹਿਤ "ਗੁਰੂ ਤੇਗ ਬਹਾਦਰ ਬੋਲਿਆ" ਨਾਟਕ ਪੇਸ਼ ਕੀਤਾ ਜਾਵੇਗਾ ।


ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।

ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ,
ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਐਮਾਂ ਜੱਟਾਂ (ਹੁਸ਼ਿਆਰਪੁਰ)
ਮੋਬਾ: 98153-48143, 98140-23547

ਛਾਪਕ : ਸੱਲੂਣ ਪ੍ਰਿੰਟਿੰਗ ਪ੍ਰੈਸ, ਬੰਗਾ # 94646-34793, 98159-01698









ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

# ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ 16 ਫਰਵਰੀ ਦਿਨ ਸੋਮਵਾਰ ਨੂੰ

**ਵਾਹਿਗੁਰੂ ਜੀ ਕਾ ਖਾਲਸਾ ॥**
**ਵਾਹਿਗੁਰੂ ਜੀ ਕੀ ਫਤਿਹ ॥**

ਸਮੂਹ ਨਗਰ ਨਿਵਾਸੀਆਂ ਨੂੰ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਪਿੰਡ ਭੰਗਵਾਂ ਨੇੜੇ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ ਲੱਗ ਰਿਹਾ ਹੈ। ਇਹ ਕੈਂਪ ਪਿੰਡ ਭੰਗਵਾਂ ਦੇ ਗੁਰੁਦੁਆਰਾ ਸਾਹਿਬ ਵਿੱਚ 16 ਫਰਵਰੀ 2026 ਦਿਨ ਸੋਮਵਾਰ ਨੂੰ ਸਵੇਰੇ 9 ਵਜੇ ਤੋਂ ਦੁਪਿਹਰ 12 ਵਜੇ ਤੱਕ ਲੱਗੇਗਾ।



ਜਿਸ ਵਿੱਚ ਅੱਖਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਪਹੁੰਚ ਰਹੇ ਹਨ। ਚਿੱਟੇ ਮੋਤੀਏ ਦੇ ਮੁਫ਼ਤ ਆਪ੍ਰੇਸ਼ਨ ਕੀਤੇ ਜਾਣਗੇ। ਲੋੜਵੰਦ ਮਰੀਜ਼ ਆਪਣੇ ਅਧਾਰ ਕਾਰਡ ਦੀ ਫੋਟੋ ਕਾਪੀ ਅਤੇ ਜੋ ਦਵਾਈਆਂ ਉਹ ਖਾਂਦੇ ਹਨ ਜਾਂ ਜਿਹੜੀਆਂ ਐਨਕਾਂ ਉਹ ਲਗਾਉਂਦੇ ਹਨ ਜਰੂਰ ਨਾਲ ਲੈ ਕੇ ਆਉਣ। ਚੈੱਕਅਪ ਤੋਂ ਬਾਅਦ ਅਪ੍ਰੇਸ਼ਨ ਵਾਲੇ ਮਰੀਜਾਂ ਨੂੰ ਦੁਪਿਹਰ 2 ਵਜੇ ਬੱਸ ਰਾਹੀਂ ਸ਼ੰਕਰਾ ਹਸਪਤਾਲ ਲੁਧਿਆਣਾ ਭੇਜਿਆ ਜਾਵੇਗਾ। ਜਿੱਥੇ ਮਰੀਜ਼ਾਂ ਦੇ ਅਪ੍ਰੇਸ਼ਨ ਹੋਣਗੇ, ਉਨ੍ਹਾਂ ਦੇ ਰਹਿਣ ਅਤੇ ਖਾਣ- ਪੀਣ ਦਾ ਵਧੀਆ ਤੇ ਮੁਫ਼ਤ ਪ੍ਰਬੰਧ ਹੋਵੇਗਾ।

**ਇਹ ਕੈਂਪ ਪਿੰਡ ਭੰਗਵਾਂ ਦੀ ਸੰਗਤ, ਭਾਈ ਜੁਗਰਾਜ ਸਿੰਘ ਭੰਗਵਾਂ ਅਤੇ ਬੀਬੀ ਜਸਮੀਤ ਕੌਰ ਛੀਨਾ ਵੱਲੋਂ ਸਾਂਝੇ ਤੌਰ 'ਤੇ ਲਗਾਇਆ ਜਾ ਰਿਹਾ ਹੈ।**

ਆਵਾਜ਼ਿ ਕੌਮ AWAZE QAUM International Newspaper & WEB TV

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :

**ਭਾਈ ਜੁਗਰਾਜ ਸਿੰਘ ਭੰਗਵਾਂ ਮੋਬਾਇਲ ਨੰ : 95921- 60315**
**ਬੀਬੀ ਜਸਮੀਤ ਕੌਰ ਛੀਨਾ ਮੋਬਾਇਲ ਨੰ : 98559 - 73085**




**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**


**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸੰਗਰਾਂਦ ਦਾ ਪਵਿੱਤਰ ਦਿਹਾੜਾ

ਸੰਗਰਾਂਦ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਵੀਰਵਾਰ 12 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਕਥਾ ਵਾਚਕ ਗਿਆਨੀ ਗੋਪਾਲ ਸਿੰਘ ਬਟਾਲਾ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਜਥੇਦਾਰ ਨੂੰ ਸੌਂਪਿਆ ਮੰਗ ਪੱਤਰ ਦਿੱਲੀ ਕਮੇਟੀ ਦੇ ਵਫਦ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ

# ਹਰਵਿੰਦਰ ਸਿੰਘ ਸਰਨਾ ਨੂੰ ਤੁਰੰਤ ਪੰਥ 'ਚੋਂ ਖਾਰਜ ਕਰਨ ਦੀ ਕੀਤੀ ਮੰਗ



**ਨਵੀਂ ਦਿੱਲੀ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕ ਵਫਦ ਨੇ ਅੱਜ ਕਮੇਟੀ ਦੇ ਸਾਬਕਾ ਪ੍ਰਧਾਨ ਹਰਵਿੰਦਰ ਸਿੰਘ ਸਰਨਾ ਵੱਲੋਂ ਰਾਹੁਲ ਗਾਂਧੀ ਨੂੰ ਮੁਆਫੀ ਦੇਣ ਦੀ ਗੱਲ ਕਰਨ ਅਤੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ ਇਕ ਬਿਲਡਿੰਗ (ਇਮਾਰਤ) ਕਹਿਣ ਦੇ ਮਾਮਲੇ ਵਿਚ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਦਫਤਰ ਪਹੁੰਚ ਕੇ ਆਪਣੀ ਸ਼ਿਕਾਇਤ ਸੌਂਪੀ ਹੈ ਅਤੇ ਹਰਵਿੰਦਰ ਸਰਨਾ ਨੂੰ ਪੰਥ ਵਿਚੋਂ ਛੇਕੇ ਜਾਣ ਦੀ ਮੰਗ ਕੀਤੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਅੱਜ ਕਮੇਟੀ ਦੇ ਇਕ ਵਫਦ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਇਹ ਸ਼ਿਕਾਇਤ ਸੌਂਪੀ ਹੈ। ਸ਼ਿਕਾਇਤ ਵਿਚ ਦੱਸਿਆ ਗਿਆ ਹੈ ਕਿ ਸ੍ਰ. ਹਰਵਿੰਦਰ ਸਿੰਘ ਸਰਨਾ ਸਾਬਕਾ ਪ੍ਰਧਾਨ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੋਮਣੀ ਅਕਾਲੀ ਦਲ (ਬਾਦਲ) ਦਿੱਲੀ ਇਕਾਈ ਦੇ ਸੀਨੀਅਰ ਆਗੂ ਵੱਲੋਂ ਪਿਛਲੇ ਦਿਨੀਂ ਸਿੱਖ ਕੌਮ ਦੀ ਦੁਸ਼ਮਣ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਰਾਹੁਲ ਗਾਂਧੀ ਨਾਲ ਮੁਲਾਕਾਤ ਕਰਕੇ ਕਾਂਗਰਸ ਪਾਰਟੀ ਨੂੰ 1984 ਵਿਚ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਫੌਜੀ ਹਮਲਾ ਕਰਨ ਅਤੇ ਨਵੰਬਰ 1984 ਵੇਲੇ ਕੀਤੀ ਸਿੱਖ ਨਸਲਕੁਸ਼ੀ ਦੇ ਦੋਸ਼ ਤੋਂ ਮੁਆਫ ਕਰਨ ਦੀ ਗੱਲ ਕਰਨਾ ਬਹੁਤ ਹੀ ਮੰਦਭਾਗਾ ਹੈ। ਉਹਨਾਂ ਦੱਸਿਆ ਕਿ ਇੰਨਾ ਹੀ ਨਹੀਂ ਬਲਕਿ ਇਕ ਨਿੱਜੀ ਚੈਨਲ 'ਤੇ ਗੱਲਬਾਤ ਦੌਰਾਨ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਸਿਰਜਿਆ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ ਇਕ ਇਮਾਰਤ (ਬਿਲਡਿੰਗ) ਕਹਿਣਾ ਬਹੁਤ ਵੱਡਾ ਗੁਨਾਹ ਹੈ, ਜਿਸ ਕਰਕੇ ਸੰਗਤਾਂ ਵਿਚ ਬਹੁਤ ਵੱਡਾ ਰੋਸ ਹੈ।

ਉਹਨਾਂ ਨੇ ਜਥੇਦਾਰ ਸਾਹਿਬ ਨੂੰ ਅਪੀਲ ਕੀਤੀ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੀ ਸਿੱਖਾ ਦੀ ਦੁਸ਼ਮਣ ਪਾਰਟੀ ਦੇ ਜਨਰਲ ਸਕੱਤਰ ਰਾਹੂਲ ਗਾਂਧੀ ਨਾਲ ਮੁਲਾਕਾਤ ਕਰਨਾ ਬਹੁਤ ਹੀ ਨਿੰਦਣਯੋਗ ਹੈ। ਇਸ ਤੋਂ ਪਹਿਲਾਂ ਵੀ ਕਈ ਵਾਰੀ ਇਹ ਸ੍ਰੀ ਅਕਾਲ ਤਖਤ ਸਾਹਿਬ ਦਾ ਹੁਕਮ ਮਨਣ ਤੋਂ ਇਨਕਾਰੀ ਹੋਏ ਹਨ। ਉਹਨਾਂ ਕਿਹਾ ਕਿ ਜਦੋ ਸ੍ਰ. ਹਰਵਿੰਦਰ ਸਿੰਘ ਸਰਨਾ ਅਤੇ ਸ੍ਰ. ਪਰਮਜੀਤ ਸਿਘ ਸਰਨਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਨ ਤਾਂ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਗੁਰਪੁਰਬਾਂ ਅਤੇ ਸੰਗਰਾਂਦਾਂ ਦੀਆਂ ਤਾਰੀਕਾਂ ਤੋਂ ਉਲਟ ਜਾ ਕੇ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਤੋਂ ਇਨਕਾਰੀ ਹੋ ਕੇ ਆਪਣੀ ਮਰਜ਼ੀ ਨਾਲ ਗੁਰਪੁਰਬ ਅਤੇ ਸੰਗਰਾਂਦਾਂ ਮਨਾ ਕੇ ਸੰਗਤਾਂ ਵਿਚ ਭੁਲੇਖੇ ਪਾਉਂਦੇ ਰਹੇ ਹਨ।

ਉਹਨਾਂ ਕਿਹਾ ਕਿ ਸ੍ਰ. ਹਰਵਿੰਦਰ ਸਿੰਘ ਸਰਨਾ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਅਨੁਸਾਰ ਬਣਾਈ ਵਿਦਵਾਨਾਂ ਦੀ ਕਮੇਟੀ ਨੂੰ ਇੱਜੜ ਕਿਹਾ ਸੀ। ਉਹਨਾਂ ਕਿਹਾ ਕਿ ਸਿੰਘ ਸਾਹਿਬਾਨ ਦੀ ਇਕਸੁਰਤਾ ਨੂੰ ਯੂਨੀਅਨ ਕਹਿਣਾ ਅਤੇ ਫਿਰ ਸ੍ਰੀ ਅਕਾਲ ਤਖਤ ਸਾਹਿਬ 'ਤੇ ਚਿੱਠੀ ਭੇਜ ਕੇ ਇਹ ਦੱਸਣਾ ਕਿ ਮੈਨੂੰ ਆਪਣੇ ਕਹੇ 'ਤੇ ਕੋਈ ਪਛਤਾਵਾ ਨਹੀਂ ਹੈ, ਪੰਥ ਨੂੰ ਇਕ ਵੱਡੀ ਢਾਹ ਲਾਉਣ ਦਾ ਕਾਰਾ ਹੈ।

### ਹਰਵਿੰਦਰ ਸਰਨਾ ਨੇ ਰਾਹੁਲ ਗਾਂਧੀ ਨੂੰ ਕਲੀਨ ਚਿੱਟ ਦਿੱਤੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿਰਫ ਇਕ ਇਮਾਰਤ ਦੱਸਿਆ: ਕਾਲਕਾ, ਕਾਹਲੋਂ

ਉਹਨਾਂ ਕਿਹਾ ਕਿ ਸ੍ਰ. ਹਰਵਿੰਦਰ ਸਿੰਘ ਸਰਨਾ ਦਾ ਮੀਡੀਆ ਵਿਚ ਇਹ ਕਹਿਣਾ ਕਿ ਗੁਰਦੁਆਰਿਆਂ ਵਿਚ ਕੇਂਦਰ ਦੀ ਦਖਲਅੰਦਾਜ਼ੀ ਕਰਕੇ ਰਾਹੂਲ ਗਾਂਧੀ ਨੂੰ ਮਿਲਣ ਆਏ ਹਨ। ਪਰ ਬੜੀ ਹੈਰਾਨੀ ਵਾਲੀ ਗੱਲ ਹੈ ਕਿ ਅਕਾਲੀ ਦਲ ਦੇ 2 ਮੈਂਬਰ ਪਾਰਲੀਮੈਂਟ ਅਤੇ 15-20 ਹੋਰ ਸਿੱਖ ਮੈਂਬਰ ਪਾਰਲੀਮੈਂਟ ਹੋਣ ਦੇ ਬਾਵਜੂਦ ਰਾਹੁਲ ਗਾਂਧੀ ਨੂੰ ਸੰਸਦ ਵਿੱਚ ਮੁੱਦਾ ਚੁੱਕਣ ਲਈ ਕਹਿਣਾ ਬਹੁਤ ਸ਼ੱਕੀ ਹੈ। ਉਹਨਾਂ ਸਵਾਲ ਕੀਤਾ ਕਿ ਕੀ ਹੁਣ ਅਕਾਲੀ ਦਲ ਨੂੰ ਆਪਣੇ ਪਾਰਟੀ ਪ੍ਰਧਾਨ ਅਤੇ ਜਿੱਤੇ ਹੋਏ ਨੁਮਾਇੰਦਿਆਂ 'ਤੇ ਭਰੋਸਾ ਨਹੀਂ ਰਿਹਾ ? ਉਹਨਾਂ ਕਿਹਾ ਕਿ ਹਰਵਿੰਦਰ ਸਿੰਘ ਸਰਨਾ ਦੀਆਂ ਪੰਥ ਵਿਰੋਧੀ ਕਾਰਵਾਈਆਂ ਅਤੇ ਬਿਆਨਾਂ ਕਰਕੇ ਸਮੁੱਚੀ ਸਿੱਖ ਕੌਮ ਵਿਚ ਬਹੁਤ ਰੋਸ ਹੈ।

ਉਹਨਾਂ ਕਿਹਾ ਕਿ ਕਮੇਟੀ ਨੇ ਬੇਨਤੀ ਕੀਤੀ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ ਇਕ ਬਿਲਡਿੰਗ (ਇਮਾਰਤ) ਕਹਿਣ ਵਾਲੇ ਸ੍ਰ. ਹਰਵਿੰਦਰ ਸਿੰਘ ਸਰਨਾ ਵੱਲੋਂ ਆਏ ਦਿਨ ਪੰਥ ਵਿਰੋਧੀ ਹਰਕਤਾਂ ਕਰਕੇ ਯੋਗ ਕਾਰਵਾਈ ਕਰਦੇ ਹੋਏ ਤੁਰੰਤ ਪੰਥ ਵਿਚੋਂ ਖਾਰਜ ਕੀਤਾ ਜਾਵੇ। ਇਸ ਵਫਦ ਵਿੱਚ ਸ ਆਤਮਾ ਸਿੰਘ ਲੁਬਾਣਾ, ਸੁਖਵਿੰਦਰ ਸਿੰਘ ਬੱਬਰ, ਬਲਜਿੰਦਰ ਸਿੰਘ, ਰਮਿੰਦਰ ਸਿੰਘ ਸਵੀਟਾ, ਸੁਖਬੀਰ ਸਿੰਘ ਕਾਲੜਾ ਅਤੇ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਪੰਜਾਬ ਆਦਿ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਨਾਲ ਸੂਬੇ ਦੇ

# ਹਰ ਪਰਿਵਾਰ ਨੂੰ ਮੁਫ਼ਤ ਇਲਾਜ ਮਿਲੇਗਾ ਡਾਕਟਰ ਅਨਵਰ ਭਸੌੜ



**ਧੂਰੀ ( ਰਣਜੀਤ ਸਿੰਘ ਪੇਧਨੀ )-**ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਤਹਿਤ ਹੈਲਥ ਬਣਾਉਣ ਲਈ ਵਿਸ਼ੇਸ਼ ਜਾਗਰੁਕਤਾ ਅਤੇ ਰਜਿਸਟਰੇਸ਼ਨ ਕੈਂਪ ਲਗਾਏ ਜਾ ਰਹੇ ਹਨ, ਜਿਸ ਵਿੱਚ ਲਾਭਪਾਤਰੀ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਕਵਰੇਜ ਵਾਲੇ ਹੈਲਥ ਕਾਰਡ ਬਣਾ ਕੇ ਦਿੱਤੇ ਜਾ ਰਹੇ ਹਨ, ਜੋ ਹਰ ਪਰਿਵਾਰ ਲਈ ਵਰਦਾਨ ਸਾਬਤ ਹੋਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਨੇ ਕੀਤਾ। । ਉਨਾ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ 22 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਯੋਜਨਾ' ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਸੂਚੀਬੱਧ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ। ਉਨ੍ਹਾਂ ਦੱਸਿਆ ਕਿ ਵੱਖ ਵੱਖ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ। ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ। ਉਨ੍ਹਾਂ ਤੋਂ ਕੁਝ ਨਹੀਂ ਪੁੱਛਿਆ ਜਾਵੇਗਾ, ਸਿਰਫ਼ ਆਪਣਾ ਹੈਲਥ ਕਾਰਡ ਲੈ ਕੇ ਜਾਣਾ ਹੋਵੇਗਾ। ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ ਅਤੇ ਕਿਸੇ ਨੂੰ ਵੀ ਇਸ ਤੋਂ ਬਾਹਰ ਨਹੀਂ ਰੱਖਿਆ ਗਿਆ। ਉਨ੍ਹਾਂ ਕਿਹਾ ਕਿ ਇਹ ਕਾਰਡ ਸਾਰਿਆਂ ਲਈ ਹੈ ਅਤੇ 65 ਲੱਖ ਪਰਿਵਾਰਾਂ ਨੂੰ ਸਿੱਧਾ ਲਾਭ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਵਿਖੇ ਚੌਥੇ ਦਮਦਮਾ ਸਾਹਿਬ ਸਾਹਿਤਕ ਮੇਲੇ ਦਾ ਦੂਜਾ ਦਿਨ ਸ਼ਾਨੋ ਸ਼ੌਕਤ ਨਾਲ ਸ਼ੁਰੂ




**ਤਲਵੰਡੀ ਸਾਬੋ, 12 ਫਰਵਰੀ (ਗੁਰਜੰਟ ਸਿੰਘ ਨਥੇਹਾ)-** ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਵਿਖੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ, ਸੋਸ਼ਲ ਸਾਇੰਸਜ਼ ਵਿਭਾਗ ਅਤੇ ਕੈਂਪਸ ਸਾਹਿਤ ਸਭਾ ਵੱਲੋਂ ਚੌਥੇ ਦਮਦਮਾ ਸਾਹਿਬ ਸਾਹਿਤਕ ਮੇਲੇ ਦੇ ਦੂਜੇ ਦਿਨ ਦੀ ਸ਼ੁਰੂਆਤ ਵਿੱਚ ਖੁਸ਼ਦੀਪ ਸਿੰਘ ਦੀ ਕਿਤਾਬ 'ਸਾਂਝ' ਨੂੰ ਰਿਲੀਜ਼ ਕੀਤਾ ਗਿਆ। ਸਾਹਿਤਕ ਮੇਲੇ ਦੇ ਕੁਆਰਡੀਨੇਟਰ ਡਾ. ਅਮਨਦੀਪ ਸਿੰਘ ਸੇਖੋਂ ਅਤੇ ਡਾ. ਮਨਮਿੰਦਰ ਕੌਰ ਨੇ ਅੱਜ ਦੀਆਂ ਗਤੀਵਿਧੀਆਂ ਅਤੇ ਬੁਲਾਰਿਆਂ ਬਾਰੇ ਜਾਣੂ ਕਰਵਾਇਆ। ਡਾ. ਸੁਨੀਤਾ ਰਾਣੀ ਨੇ ਮਹਿਮਾਨਾਂ ਅਤੇ ਬੁਲਾਰਿਆਂ ਦਾ ਨਿੱਘਾ ਸਵਾਗਤ ਕੀਤਾ। ਸਮਾਜਿਕ ਅਤੇ ਰਾਜਨੀਤਿਕ ਕਾਰਕੁੰਨ ਅੰਮ੍ਰਿਤ ਗਿੱਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਹਨਾਂ ਨੇ ਵਿਦਿਆਰਥੀਆਂ ਨਾਲ ਆਪਣੇ ਨਿੱਜੀ ਤਜ਼ਰਬੇ ਸਾਂਝੇ ਕਰਦਿਆਂ ਚੰਗੇ ਜੀਵਨ ਜਾਂਚ ਲਈ ਦਿਸ਼ਾ ਪ੍ਰਦਾਨ ਕੀਤੀ। ਉਹਨਾਂ ਨਾਲ ਡਾ. ਸੁਖਦੀਪ ਕੌਰ ਅਤੇ ਕੈਂਪਸ ਸਾਹਿਤ ਸਭਾ ਦੇ ਪ੍ਰਧਾਨ ਰਾਜਪਾਲ ਸਿੰਘ ਵੀ ਹਾਜ਼ਰ ਰਹੇ। ਤੀਜੀ ਬੈਠਕ ਦੌਰਾਨ "ਯਾਦਾਂ ਦੀ ਗੂੰਜ ਵਿੱਚ ਵੱਸਦਾ ਕਾਵਿ:ਮੌਖਿਕ ਸਾਹਿਤ ਅਤੇ ਲੋਕ ਪਰੰਪਰਾ" ਵਿਸ਼ੇ 'ਤੇ ਗੱਲਬਾਤ ਕੀਤੀ ਗਈ ਜਿਸ ਦੇ ਬੁਲਾਰੇ ਹਰਪਾਲ ਸਿੰਘ ਪਨੂੰ ਅਤੇ ਜਸਵਿੰਦਰ ਸ਼ਰਮਾ ਰਹੇ। ਚੌਥੀ ਬੈਠਕ ਦੌਰਾਨ "ਇਹ ਚੜ੍ਹੀ ਗੁਲੇਲ ਹੈ ਇਸ਼ਕ ਵਾਲੀ: ਪੰਜਾਬੀ ਸਾਹਿਤ ਵਿੱਚ ਪ੍ਰਤੀਰੋਧ ਦੀ ਪਰੰਪਰਾ" ਵਿਸ਼ੇ 'ਤੇ ਗੰਭੀਰ ਵਿਚਾਰ ਚਰਚਾ ਕੀਤੀ ਗਈ। ਇਸ ਸੈਸ਼ਨ ਦੇ ਬੁਲਾਰਿਆਂ ਵਜੋਂ ਬਲਵਿੰਦਰ ਗਰੇਵਾਲ ਕਹਾਣੀਕਾਰ, ਜਗਵਿੰਦਰ ਯੋਧਾ, ਸੁਆਮੀ ਸਰਬਜੀਤ, ਗੁਰਪ੍ਰੀਤ ਸਿੰਘ ਗਰੇਵਾਲ ਨੇ ਸ਼ਿਰਕਤ ਕੀਤੀ। ਇਸ ਸੈਸ਼ਨ ਦੇ ਸੂਤਰਧਾਰ ਕੰਵਲਜੀਤ ਸਿੰਘ ਰਹੇ। ਅੱਜ ਦੀਆਂ ਬੈਠਕਾਂ ਦਾ ਸੰਚਾਲਨ ਡਾ. ਗੁਰਪ੍ਰੀਤ ਸਿੰਘ ਗਿੱਲ, ਡਾ. ਜਸਬੀਰ ਸਿੰਘ, ਗੁਰਮੀਤ ਸਿੰਘ, ਕਰਮਜੀਤ ਸਿੰਘ ਅਤੇ ਕਰਨਦੀਪ ਸੋਨੀ ਨੇ ਕੀਤਾ। ਭੰਡ ਕਲਾਕਾਰਾਂ ਨੇ ਆਪਣੀ ਪੇਸ਼ਕਾਰੀ ਦੁਆਰਾ ਦਰਸ਼ਕਾਂ ਦਾ ਮਨ ਮੋਹ ਲਿਆ। ਕਵੀ ਦਰਬਾਰ ਦੀ ਪ੍ਰਧਾਨਗੀ ਆਵਾਮੀ ਸ਼ਾਇਰਾ ਤੇ ਅਧਿਆਪਕਾ ਪਰਮਪ੍ਰੀਤ ਬਠਿੰਡਾ ਵੱਲੋਂ ਕੀਤੀ ਗਈ। ਕਵੀ ਦਰਬਾਰ ਵਿੱਚ ਸਰੋਤਿਆਂ ਨੇ ਕਵਿਤਾਵਾਂ ਦਾ ਖ਼ੂਬ ਆਨੰਦ ਮਾਣਿਆ। ਇੱਕ ਨੁੱਕੜ ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਅੰਤ ਵਿੱਚ ਡਾ. ਬਲਦੇਵ ਸਿੰਘ ਸ਼ੇਰਗਿੱਲ ਨੇ ਆਏ ਹੋਏ ਬੁਲਾਰਿਆਂ ਅਤੇ ਪਤਵੰਤਿਆਂ ਦਾ ਧੰਨਵਾਦ ਕੀਤਾ। ਮੇਲੇ ਦਾ ਦੂਜਾ ਦਿਨ ਵੀ ਸਫਲਤਾ ਪੂਰਵਕ ਸੰਪੰਨ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰੋ. ਭੁੱਲਰ ਦੀ ਰਿਹਾਈ ਰੱਦ ਹੋਣ ਨਾਲ ਭਾਜਪਾ ਦਾ ਸਿੱਖ ਵਿਰੋਧੀ ਚਿਹਰਾ ਹੋਇਆ ਬੇਨਕਾਬ: ਸਲੇਮਪੁਰ, ਭੁੱਲਰ, ਬਾਦਸ਼ਾਹਪੁਰ, ਸੇਰਪੁਰ



**ਧੂਰੀ ( ਰਣਜੀਤ ਸਿੰਘ ਪੇਧਨੀ )-**ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਦਿੱਲੀ ਸਰਕਾਰ ਵੱਲੋਂ ਰੱਦ ਕੀਤੇ ਜਾਣ ਦੇ ਫੈਸਲੇ ਨੇ ਸਿੱਖ ਜਗਤ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ। ਜਿਸ ਨਾਲ ਕੇਂਦਰ ਦੀ ਭਾਜਪਾ ਸਰਕਾਰ ਦਾ ਸਿੱਖ ਵਿਰੋਧੀ ਚਿਹਰਾ ਇੱਕ ਵਾਰ ਫਿਰ ਪੂਰੀ ਤਰ੍ਹਾਂ ਬੇਨਕਾਬ ਹੋ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਹਰਬੰਸ ਸਿੰਘ ਸਲੇਮਪੁਰ ਹਲਕਾ ਇੰਚਾਰਜ ਧੂਰੀ, ਮੁਲਾਜਮ ਵਿੰਗ ਦੇ ਸੂਬਾ ਪ੍ਰਧਾਨ ਵਾਸਵੀਰ ਸਿੰਘ ਭੁੱਲਰ, ਕਿਸਾਨ ਵਿੰਗ ਦੇ ਜਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਬਾਦਸ਼ਾਹਪੁਰ ਅਤੇ ਮਨਜੀਤ ਸਿੰਘ ਧਾਮੀ ਸੇਰਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਪ੍ਰੋਫੈਸਰ ਭੁੱਲਰ ਪਿਛਲੇ ਕਈ ਦਹਾਕਿਆਂ ਤੋਂ ਜੇਲ੍ਹ ਦੀਆਂ ਸੀਖਾਂ ਪਿੱਛੇ ਬੰਦ ਹਨ। ਪਿਛਲੇ 10 ਸਾਲਾਂ ਤੋਂ ਪ੍ਰੋਫੈਸਰ ਭੁੱਲਰ ਆਪਣੇ ਚੰਗੇ ਵਿਵਹਾਰ ਕਾਰਨ ਲਗਾਤਾਰ ਪੈਰੋਲ (ਛੁੱਟੀ) ਤੇ ਬਾਹਰ ਆ ਰਹੇ ਹਨ ਅਤੇ ਉਨ੍ਹਾਂ ਨੇ ਕਦੇ ਵੀ ਕਾਨੂੰਨ ਦੀ ਉਲੰਘਣਾ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਖ਼ੁਦ ਸਾਲ 2019 ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਅੱਠ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕੀਤਾ ਸੀ, ਜਿਸ ਵਿੱਚ ਪ੍ਰੋਫੈਸਰ ਭੁੱਲਰ ਦਾ ਨਾਮ ਵੀ ਸ਼ਾਮਲ ਸੀ, ਪਰ ਅੱਜ ਕਈ ਸਾਲ ਬੀਤ ਜਾਣ ਦੇ ਬਾਵਜੂਦ ਉਸ ਫੈਸਲੇ ਨੂੰ ਨੂੰ ਲਾਗੂ ਨਹੀਂ ਕੀਤਾ ਗਿਆ ਜਥੇਦਾਰ ਨੇ ਭਾਜਪਾ 'ਤੇ ਹਮਲਾ ਕਰਦਿਆਂ ਕਿਹਾ ਕਿ ਇੱਕ ਪਾਸੇ ਸਰਕਾਰ ਸਿੱਖਾਂ ਨਾਲ ਹਮਦਰਦੀ ਦਾ ਦਿਖਾਵਾ ਕਰਦੀ ਹੈ, ਪਰ ਦੂਜੇ ਪਾਸੇ ਬੰਦੀ ਸਿੰਘਾਂ ਦੀ ਰਿਹਾਈ ਵਿੱਚ ਜਾਣਬੁੱਝ ਕੇ ਅੜਿੱਕੇ ਡਾਹੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਦਿੱਲੀ ਸਰਕਾਰ ਵੱਲੋਂ ਰਿਹਾਈ ਪਟੀਸ਼ਨ ਰੱਦ ਕਰਨਾ ਕੇਂਦਰ ਦੀ ਦੋਗਲੀ ਨੀਤੀ ਦਾ ਸਿੱਟਾ ਹੈ। ਉਨ੍ਹਾਂ ਸਮੁੱਚੀ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਿਆਸੀ ਚਾਲਾਂ ਤੋਂ ਸੁਚੇਤ ਰਹਿਣ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਵਿਖੇ

# ਫੱਗਣ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ

## ਹੈੱਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ ਜੀ ਵੱਲੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ

















ਆਵਾਜ਼ਿ ਕੌਮ AWAZE QAUM International Newspaper & WEB TV

**ਪਿੰਡ ਰੋਡੇ (ਮੋਗਾ), 12 ਫਰਵਰੀ (ਗੁਰਪ੍ਰੀਤ ਸਿੰਘ (ਮੋਗਾ)** - ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ ਹਰ ਮਹੀਨੇ ਦੀ ਤਰ੍ਹਾਂ ਫੱਗਣ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ। ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਕੀਰਤਨ ਦਰਬਾਰ ਸਜਾਇਆ ਗਿਆ। ਹੈੱਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ ਜੀ ਵੱਲੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਇਸ ਸ੍ਰੀ ਅਖੰਡ ਪਾਠ ਸਾਹਿਬ ਅਤੇ ਸਮੇਤ ਜਪੁਜੀ ਸਾਹਿਬ ਦੀ ਸੇਵਾ ਇੰਗਲੈਂਡ ਨਿਵਾਸੀ ਸਰਦਾਰ ਸੁਰਿੰਦਰ ਸਿੰਘ ਦੇ ਪਰਿਵਾਰ ਵੱਲੋਂ ਕਰਵਾਈ ਗਈ ਹੈ। ਸਮਾਪਤੀ ਉਪਰੰਤ ਅਰਦਾਸ ਬੇਨਤੀ ਕੀਤੀ ਗਈ, ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਸਮੂਹ ਸੇਵਾਦਾਰ ਅਤੇ ਸੰਗਤਾਂ ਵੱਲੋਂ ਤਨ ਮਨ ਧਨ ਨਾਲ ਸੇਵਾਵਾਂ ਕੀਤੀਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸ਼ਹੀਦ ਜਗਰਾਜ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਖਪੁਰਾ ਵੱਲੋਂ

# ਰਾਜ ਪੱਧਰੀ ਗਣਿਤ ਮੇਲੇ 'ਚ ਸ਼ਾਨਦਾਰ ਪ੍ਰਦਰਸ਼ਨ




**ਤਲਵੰਡੀ ਸਾਬੋ, 12 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਸ਼੍ਰੀ ਫਤਿਹਗੜ੍ਹ ਸਾਹਿਬ ਵਿਖੇ ਰਾਜ ਪੱਧਰੀ ਗਣਿਤ ਮੇਲਾ ਕਰਵਾਇਆ ਗਿਆ। ਇਸ ਰਾਜ ਪੱਧਰੀ ਮੇਲੇ ਵਿੱਚ ਸਰਕਾਰੀ ਸਕੂਲ ਸ਼ੇਖਪੁਰਾ ਵੱਲੋਂ ਜ਼ਿਲ੍ਹਾ ਬਠਿੰਡਾ ਦੀ ਅਗਵਾਈ ਕੀਤੀ ਗਈ। ਸਕੂਲ ਦੇ ਗਣਿਤ ਮਾਸਟਰ

ਆਵਾਜ਼ਿ ਕੌਮ AWAZE QAUM International Newspaper & WEB TV

ਗਗਨਦੀਪ ਸਿੰਘ ਨੇ ਦੱਸਿਆ ਕਿ ਉਹਨਾਂ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਉਹਨਾਂ ਦੇ ਸਕੂਲ ਦੀ ਵਿਦਿਆਰਥਣ ਦੁਆਰਾ ਰਾਜ ਪੱਧਰੀ ਗਣਿਤ ਮੇਲੇ ਵਿੱਚ ਭਾਗ ਲਿਆ ਗਿਆ। ਉਹਨਾਂ ਦੱਸਿਆ ਕਿ ਇਸ ਰਾਜ ਪੱਧਰੀ ਗਣਿਤ ਮੇਲੇ ਵਿੱਚ ਪੂਰੇ ਪੰਜਾਬ ਦੇ ਵੱਖ ਵੱਖ ਸਕੂਲਾਂ ਦੇ 115 ਵਿਦਿਆਰਥੀਆਂ ਵੱਲੋਂ ਵੱਖ-ਵੱਖ ਥੀਮਾਂ ਤਹਿਤ ਭਾਗ ਲਿਆ ਗਿਆ। ਜਿਸ ਵਿੱਚ ਬਠਿੰਡਾ ਜ਼ਿਲ੍ਹੇ ਦੀ ਜੇਤੂ ਸ਼ੇਖਪੁਰਾ ਸਕੂਲ ਦੀ ਵਿਦਿਆਰਥਣ ਲਵਪ੍ਰੀਤ ਕੌਰ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਸ਼੍ਰੀਮਤੀ




ਮਮਤਾ ਸੇਠੀ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ. ਚਮਕੌਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਰੋਜ਼ਾਨਾ ਜੀਵਨ ਵਿੱਚ ਗਣਿਤ ਦੀ ਵਰਤੋਂ ਤਹਿਤ ਮਾਡਲ ਪੇਸ਼ ਕੀਤਾ ਗਿਆ। ਇਸ ਰਾਜ ਪੱਧਰੀ ਗਣਿਤ ਮੇਲੇ ਵਿਦਿਆਰਥੀਆਂ ਦੁਆਰਾ ਗਣਿਤ ਵਿਸੇ ਨਾਲ ਸਬੰਧਤ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਆਧੁਨਿਕ ਤਕਨੀਕਾਂ ਨਾਲ ਬਣੇ ਹੋਏ ਵਰਕਿੰਗ ਮਾਡਲ ਪੇਸ਼ ਕੀਤੇ ਗਏ। ਇਸ ਨਾਲ ਵਿਦਿਆਰਥੀਆਂ ਦੀ ਗਣਿਤ ਵਿਸੇ ਪ੍ਰਤੀ ਰੁਚੀ ਅਤੇ ਜਾਣਕਾਰੀ ਵਿੱਚ ਬਹੁਤ ਵਾਧਾ ਹੋਇਆ। ਸਕੂਲ ਮੁਖੀ ਸ. ਦਰਸ਼ਨ ਸਿੰਘ ਮਾਨ ਅਤੇ ਸਮੂਹ ਸਟਾਫ ਵੱਲੋਂ ਸਕੂਲ ਦੀ ਇਸ ਪ੍ਰਾਪਤੀ ਤੇ ਖੁਸ਼ੀ ਜ਼ਾਹਿਰ ਕਰਦਿਆਂ ਹੋਇਆਂ ਵਿਦਿਆਰਥਣ ਨੂੰ ਵਧਾਈਆਂ ਦਿੰਦੇ ਹੋਏ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

### ਆਈਸੀਆਈ ਨੋਇਡਾ ਬਣਿਆ 14ਵੀਂ ਨਾਰਥ ਇੰਡੀਆ ਪੈਟਿਸਰੀ ਮੁਕਾਬਲਾ 2026 ਦਾ ਓਵਰਆਲ ਚੈਂਪੀਅਨ

# ਵਿਵੇਕ ਅਤਰੇ ਨੇ ਜੇਤੂ ਟੀਮਾਂ ਨੂੰ ਕੀਤਾ ਸਨਮਾਨਿਤ



**ਚੌਕ ਮਹਿਤਾ, 12 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੈਕਟਰ-42 ਸਥਿਤ ਚੰਡੀਗੜ੍ਹ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ (ਸੀ ਆਈ ਐਚ ਐਮ) ਵਿੱਚ ਕਰਵਾਏ ਗਏ ਤਿੰਨ ਦਿਨਾਂ 14ਵੇਂ ਨਾਰਥ ਇੰਡੀਆ ਪੈਟਿਸਰੀ ਮੁਕਾਬਲੇ 2026 ਦਾ ਸ਼ਾਨਦਾਰ ਸਮਾਪਨ ਹੋਇਆ। ਇਸ ਮੁਕਾਬਲੇ ਵਿੱਚ ਇੰਡਿਅਨ ਕਲਿਨਰੀ ਇੰਸਟੀਚਿਊਟ (ਆਈਸੀਆਈ) ਨੋਇਡਾ ਨੂੰ ਓਵਰਆਲ ਚੈਂਪੀਅਨ ਘੋਸ਼ਿਤ ਕੀਤਾ ਗਿਆ। ਸੀ ਆਈ ਐਚ ਐਮ ਵੱਲੋਂ ਯੂਐਸ ਹਾਈਬੁਸ਼ ਬਲੂਬੈਰੀ ਕੌਂਸਲ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਮੁਕਾਬਲੇ ਵਿੱਚ ਉੱਤਰੀ ਭਾਰਤ ਦੇ ਸੱਤ ਰਾਜਾਂ ਦੇ ਹੋਟਲ ਮੈਨੇਜਮੈਂਟ ਸੰਸਥਾਨਾਂ ਦੀਆਂ 17 ਟੀਮਾਂ ਨੇ ਹਿੱਸਾ ਲਿਆ। ਇਸ ਮੁਕਾਬਲੇ ਦੀ ਖ਼ਾਸ ਵਿਸ਼ੇਸ਼ਤਾ ਇਹ ਰਹੀ ਕਿ ਹਰ ਸ਼੍ਰੇਣੀ ਵਿੱਚ ਯੂਐਸਏ ਬਲੂਬੈਰੀ ਦੀ ਲਾਜ਼ਮੀ ਵਰਤੋਂ ਕੀਤੀ ਗਈ। ਸਮਾਪਨ ਅਤੇ ਇਨਾਮ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਪੂਰਵ ਆਈਏਐਸ ਅਧਿਕਾਰੀ ਅਤੇ ਪ੍ਰਸਿੱਧ ਮੋਟੀਵੇਸ਼ਨਲ ਸਪੀਕਰ ਵਿਵੇਕ ਅਤਰੇ ਸ਼ਾਮਲ ਹੋਏ। ਉਨ੍ਹਾਂ ਨੇ ਸੀ ਆਈ ਐਚ ਐਮ ਦੇ ਪ੍ਰਿੰਸੀਪਲ ਵਿਸ਼ਾਲ ਕਾਲੀਆ ਦੀ ਹਾਜ਼ਰੀ ਵਿੱਚ ਜੇਤੂ ਟੀਮਾਂ ਨੂੰ ਸਨਮਾਨਿਤ ਕੀਤਾ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨੇ ਨੌਜਵਾਨ ਸ਼ੈਫ਼ਾਂ ਦੇ ਜਜ਼ਬੇ, ਅਨੁਸ਼ਾਸਨ ਅਤੇ ਉੱਤਮਤਾ ਪ੍ਰਤੀ ਸਮਰਪਣ ਦੀ ਪ੍ਰਸ਼ੰਸਾ ਕਰਦੇ ਹੋਏ ਉਨ੍ਹਾਂ ਨੂੰ ਉੱਚ ਪੇਸ਼ੇਵਰ ਮਾਪਦੰਡ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ। ਮੁਕਾਬਲਿਆਂ ਦੇ ਨਤੀਜੇ ਇਸ ਪ੍ਰਕਾਰ ਰਹੇ: ਬਰੈਡ ਮੁਕਾਬਲਾ: ਆਈਸੀਆਈ ਨੋਇਡਾ ਪਹਿਲੇ ਸਥਾਨ 'ਤੇ, ਆਈਐਚਐਮ ਸ਼ਿਮਲਾ ਦੂਜੇ ਅਤੇ ਆਈਐਚਐਮ ਪੂਸਾ ਤੀਜੇ ਸਥਾਨ 'ਤੇ ਰਹੇ। ਪੇਟੀ ਫੋਰ ਸ਼੍ਰੇਣੀ: ਆਈਸੀਆਈ ਨੋਇਡਾ ਜੇਤੂ, ਆਈਐਚਐਮ ਯਮੁਨਾਨਗਰ ਦੂਜੇ ਅਤੇ ਆਈਐਚਐਮ ਪੂਸਾ ਤੀਜੇ ਸਥਾਨ 'ਤੇ ਰਹੇ। ਪਲੇਟਡ ਡਿਜ਼ਰਟ ਮੁਕਾਬਲਾ: ਆਈਸੀਆਈ ਨੋਇਡਾ ਨੇ ਖਿਤਾਬ ਜਿੱਤਿਆ, ਚਿਤਕਾਰਾ ਯੂਨੀਵਰਸਿਟੀ ਦੂਜੇ ਅਤੇ ਆਈਐਚਐਮ ਕੁਰੁਕਸ਼ੇਤਰ

ਆਵਾਜ਼ਿ ਕੌਮ AWAZE QAUM International Newspaper & WEB TV

ਤੀਜੇ ਸਥਾਨ 'ਤੇ ਰਹੇ। ਕੇਕ ਮੁਕਾਬਲਾ: ਆਈਐਚਐਮ ਪੂਸਾ ਪਹਿਲੇ ਸਥਾਨ 'ਤੇ, ਚੰਡੀਗੜ੍ਹ ਯੂਨੀਵਰਸਿਟੀ ਦੂਜੇ ਅਤੇ ਆਈਸੀਆਈ ਨੋਇਡਾ ਤੀਜੇ ਸਥਾਨ 'ਤੇ ਰਹੇ। ਕੁਇਜ਼ ਮੁਕਾਬਲਾ: ਆਈਐਚਐਮ ਪੂਸਾ ਜੇਤੂ, ਆਈਸੀਆਈ ਨੋਇਡਾ ਦੂਜੇ ਅਤੇ ਚੰਡੀਗੜ੍ਹ ਯੂਨੀਵਰਸਿਟੀ ਤੀਜੇ ਸਥਾਨ 'ਤੇ ਰਹੇ। ਫੌਂਡੈਂਟ ਮਾਡਲਿੰਗ ਮੁਕਾਬਲਾ: ਆਈਐਚਐਮ ਸ਼ਿਮਲਾ ਪਹਿਲੇ, ਚਿਤਕਾਰਾ ਯੂਨੀਵਰਸਿਟੀ ਦੂਜੇ ਅਤੇ ਸੀਜੀਸੀ ਲਾਂਡਰਾ ਤੀਜੇ ਸਥਾਨ 'ਤੇ ਰਹੇ। ਓਵਰਆਲ ਚੈਂਪੀਅਨਸ਼ਿਪ ਵਿੱਚ ਆਈਸੀਆਈ ਨੋਇਡਾ ਨੇ ਟਰਾਫੀ ਆਪਣੇ ਨਾਮ ਕੀਤੀ, ਜਦਕਿ ਆਈਐਚਐਮ ਪੂਸਾ ਦੂਜੇ ਅਤੇ ਆਈਐਚਐਮ ਸ਼ਿਮਲਾ ਤੀਜੇ ਸਥਾਨ 'ਤੇ ਰਹੇ। ਮੁਕਾਬਲੇ ਦੇ ਜੱਜ ਪੈਨਲ ਵਿੱਚ ਸ਼ੈਫ਼ ਆਸ਼ੀਅਨ ਟੋਪਨੋ (ਰੀਜਨਲ ਹੈੱਡ - ਪਿਲਸਬਰੀ ਇੰਡੀਆ), ਸ਼ੈਫ਼ ਗੁਰੂ ਪ੍ਰਕਾਸ਼ ਸਿੰਘ (ਲੀਡ ਸ਼ੈਫ਼ ਅਤੇ ਬੇਕਰੀ ਐਪਲੀਕੇਸ਼ਨ ਸਪੈਸ਼ਿਲਸਟ), ਸ਼ੈਫ਼ ਸਤਿਆ ਪ੍ਰਕਾਸ਼ (ਏਗਜ਼ਿਕਊਟਿਵ ਸ਼ੈਫ਼, ਹੋਲੀਡੇ ਇਨ ਚੰਡੀਗੜ੍ਹ - ਆਈਐਚਜੀ) ਅਤੇ ਸ਼ੈਫ਼ ਸੰਦੀਪ ਕਨੌਜੀਆ (ਪੇਸਟਰੀ ਸ਼ੈਫ਼, ਹਯਾਤ ਰੀਜੈਂਸੀ ਚੰਡੀਗੜ੍ਹ) ਸ਼ਾਮਲ ਸਨ।

# ਮਾਨ ਸਰਕਾਰ ਦੇ ਸਰਬਪੱਖੀ ਵਿਕਾਸੀ ਕਦਮਾਂ ਨਾਲ ਪੰਜਾਬ ਦਾ ਹਰ ਵਰਗ ਖੁਸ਼ : ਆਪ ਆਗੂ



**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਚੁੱਕੇ ਜਾ ਰਹੇ ਲੋਕ-ਹਿਤੈਸ਼ੀ ਕਦਮਾਂ ਨਾਲ ਪੰਜਾਬ ਦਾ ਹਰ ਵਾਸੀ ਖੁਸ਼ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਿਲ੍ਹਾ ਪ੍ਰੀਸ਼ਦ ਮੈਂਬਰ ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਸਰਪੰਚ

ਆਵਾਜ਼ਿ ਕੌਮ AWAZE QAUM International Newspaper & WEB TV

ਜਗਸੀਰ ਸਿੰਘ ਜੱਗਾ ਭੋਜੋਵਾਲੀ ਪ੍ਰਧਾਨ ਪੰਚਾਇਤ ਯੂਨੀਅਨ ਧੂਰੀ, ਸਰਪੰਚ ਜਸਵੀਰ ਦਾਸ ਢਢੋਗਲ ਜਰਨਲ ਸਕੱਤਰ ਪੰਚਾਇਤ ਯੂਨੀਅਨ ਧੂਰੀ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਰਾਜੂ ਬਰੜਵਾਲ, ਸਰਪੰਚ ਗੋਪਾਲ ਕ੍ਰਿਸਨ ਬੇਨੜਾ ਅਤੇ ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਜੋ ਫ਼ੈਸਲੇ ਲਏ ਹਨ, ਉਹ ਸਿਰਫ਼ ਇਤਿਹਾਸਕ ਹੀ ਨਹੀਂ, ਸਗੋਂ ਆਮ ਲੋਕਾਂ ਦੀ ਜ਼ਿੰਦਗੀ ਨਾਲ ਸਿੱਧੇ ਤੋਰ 'ਤੇ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਤੇ ਕਿਸਾਨੀ ਖੇਤਰ ਵਿਚ ਕੀਤੇ ਗਏ ਸੁਧਾਰਾਂ ਜੋ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ ਤੇ ਸਰਕਾਰ ਪ੍ਰਤੀ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਇਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਚਲਾਈ ਗਈ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਗਰੀਬ ਤੇ ਮੱਧ ਵਰਗ ਲਈ ਵਰਦਾਨ ਸਾਬਤ ਹੋ ਰਹੀ ਹੈ।ਇਸ ਯੋਜਨਾ ਨਾਲ ਹੁਣ ਮਹਿੰਗੇ ਇਲਾਜ ਦੀ ਚਿੰਤਾ ਖਤਮ ਹੋ ਗਈ ਹੈ ਤੇ ਹਰ ਪਰਵਾਰ ਨੂੰ ਇਜਾਜ਼ਤ ਨਾਲ ਇਲਾਜ ਕਰਾਉਣ ਦਾ ਹੱਕ ਮਿਲਿਆ ਹੈ।

# ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਸ਼ਹਿਰ ਦੇ 52 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੀ ਸਮੀਖਿਆ

### ਧੂਰੀ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਮਾਈਕਰੋ ਮੈਨੇਜਮੈਂਟ ਬਣਾਈ : ਓ.ਐਸ.ਡੀ. ਸੁਖਵੀਰ ਸਿੰਘ




**ਸੰਗਰੂਰ/ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਵਿਧਾਨ ਸਭਾ ਹਲਕੇ ਧੂਰੀ ਵਿੱਚ ਚੱਲ ਰਹੇ ਅਤੇ ਸ਼ੁਰੂ ਕੀਤੇ ਜਾਣ ਵਾਲੇ 52 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦਾ ਅੱਜ ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਇੱਕ ਉੱਚ ਪੱਧਰੀ ਮੀਟਿੰਗ ਦੌਰਾਨ ਜਾਇਜ਼ਾ ਲਿਆ ਗਿਆ। ਇਸ ਮੌਕੇ ਮੁੱਖ ਮੰਤਰੀ ਦੇ ਸੰਯੁਕਤ ਪ੍ਰਮੁੱਖ ਸਕੱਤਰ ਸੰਦੀਪ ਸਿੰਘ ਗਾੜ੍ਹਾ, ਵਧੀਕ ਡਿਪਟੀ ਕਮਿਸ਼ਨਰ ਅੰਕੁਰ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿੰਦਰੂ ਅਤੇ ਐਸ.ਡੀ.ਐਮ. ਧੂਰੀ ਰਿਸ਼ਭ ਬਾਂਸਲ ਵੀ ਮੌਜੂਦ ਸਨ।

ਮੀਟਿੰਗ ਦੌਰਾਨ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਮਾਈਕਰੋ ਮੈਨੇਜਮੈਂਟ ਬਣਾਉਂਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਸ਼ਹਿਰ ਵਿੱਚ ਚੱਲ ਰਹੇ ਅਤੇ ਸ਼ੁਰੂ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਹਰੇਕ ਹਫ਼ਤੇ ਸਮੀਖਿਆ ਮੀਟਿੰਗ ਕੀਤੀ ਜਾਵੇਗੀ ਤਾਂ ਜੋ ਸਬੰਧਤ ਵਿਭਾਗਾਂ ਦਾ ਆਪਸੀ ਤਾਲਮੇਲ ਰਹੇ ਅਤੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਦੇਰੀ ਨਾ ਹੋਵੇ। ਉਨ੍ਹਾਂ ਕਿਹਾ ਕਿ ਐਨ.ਓ.ਸੀਜ਼ ਜਾਂ ਫੇਰ ਹੋਰ ਵਿਭਾਗਾਂ ਦੀਆਂ ਪ੍ਰਵਾਨਗੀਆਂ ਕਰਕੇ ਕੋਈ ਵੀ ਵਿਕਾਸ ਕੰਮ ਰੁਕਣਾ ਨਹੀਂ ਚਾਹੀਦਾ ਜੇਕਰ ਕਿਸੇ ਵੀ ਕੰਮ ਵਿੱਚ ਰੁਕਾਵਟ ਆਉਂਦੀ ਹੈ ਤਾਂ ਇਸ ਸਬੰਧੀ ਤੁਰੰਤ ਉੱਚ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਜਾਵੇ।

ਧੂਰੀ ਸ਼ਹਿਰ ਵਿੱਚ ਚੱਲ ਰਹੇ ਹਰੇਕ ਕੰਮ ਦੀ ਬਾਰੀਕੀ ਨਾਲ ਸਮੀਖਿਆ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਕੰਮ ਸਮਾਂਬੱਧ ਕਰਨ ਦੇ ਨਾਲ ਨਾਲ ਕੰਮ ਦੀ ਗੁਣਵੱਤਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਤੇ ਅਧਿਕਾਰੀ ਚੱਲ ਰਹੇ ਕੰਮਾਂ ਦੀ ਨਿਯਮਤ ਤੌਰ 'ਤੇ ਚੈਕਿੰਗ ਕਰਨਾ ਵੀ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਧੂਰੀ ਸ਼ਹਿਰ ਦੀਆਂ ਸਾਰੀਆਂ ਵਾਰਡ ਵਿੱਚ ਪੀਣ ਵਾਲਾ ਸਾਫ਼ ਪਾਣੀ ਉਪਲਬਧ ਕਰਵਾਉਣ ਸਮੇਤ ਸੀਵਰੇਜ ਦੀ ਸਮੱਸਿਆ ਦੇ ਸਥਾਈ ਹੱਲ ਲਈ ਐਸ.ਟੀ.ਪੀ. ਅਤੇ ਡਬਲਿਊ.ਟੀ.ਪੀ. ਦੇ ਕੰਮ ਨੂੰ ਜਲਦ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ।

ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਧੂਰੀ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਰੋਜ਼ਾਨਾ ਰਿਪੋਰਟ ਲੈ ਰਹੇ ਹਨ, ਇਸ ਲਈ ਕੰਮ ਵਿੱਚ ਬੇਲੋੜੀ ਦੇਰੀ ਅਤੇ ਕੰਮ ਵਿੱਚ ਅਣਗਹਿਲੀ ਵਰਤਣ ਦੀ ਜ਼ਿੰਮੇਵਾਰੀ ਸਬੰਧਤ ਅਧਿਕਾਰੀ ਦੀ ਹੋਵੇਗੀ। ਇਸ ਮੌਕੇ ਉਨ੍ਹਾਂ ਧੂਰੀ ਦੇ ਹਰੇਕ ਵਾਰਡ ਵਿੱਚ ਚੱਲ ਰਹੇ ਅਤੇ ਹੋਣ ਵਾਲੇ ਵਿਕਾਸ ਕਾਰਜਾਂ ਸਬੰਧੀ ਫੀਡ ਬੈਕ ਲੈਂਦਿਆਂ ਕਿਹਾ ਕਿ ਧੂਰੀ ਵਾਸੀਆਂ ਨੂੰ ਸਹੂਲਤਾਂ ਦੇਣ ਲਈ ਜੋ ਵੀ ਪ੍ਰੋਜੈਕਟ ਲੋੜੀਂਦੇ ਹਨ, ਉਨ੍ਹਾਂ ਪ੍ਰੋਜੈਕਟਾਂ ਨੂੰ ਤੁਰੰਤ ਅਮਲੀ ਰੂਪ ਪ੍ਰਦਾਨ ਕੀਤਾ ਜਾਵੇ।

ਮੀਟਿੰਗ ਦੌਰਾਨ ਲੋਕ ਨਿਰਮਾਣ ਵਿਭਾਗ ਵੱਲੋਂ ਧੂਰੀ ਸ਼ਹਿਰ ਵਿੱਚ ਕਰੀਬ 14 ਕਰੋੜ ਰੁਪਏ ਦੀ ਲਾਗਤ ਨਲ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਵੀ ਜਾਇਜ਼ਾ ਲਿਆ ਗਿਆ, ਜਿਸ ਵਿੱਚ ਧੂਰੀ ਸ਼ਹਿਰ ਦੀ ਇੰਟਰਨਲ ਰੋਡ, ਧੂਰੀ-ਸ਼ੇਰਪੁਰ ਵਾਇਆ ਮਾਲੋ ਮਾਜਰਾ, ਦੌਲਤਪੁਰ ਨੂੰ ਚੌੜਾ ਕਰਨ ਦਾ ਕੰਮ ਅਤੇ ਦਸਮੇਸ਼ ਨਗਰ ਵਿਖੇ ਬਣ ਰਹੇ ਆਮ ਆਦਮੀ ਕਲੀਨਿਕ ਦੇ ਕੰਮ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243







ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




### ਦਿੱਲੀ ਗੁਰਦੁਆਰਾ ਕਮੇਟੀ ਦੇ ਵਫਦ ਨੇ

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਰਵਿੰਦਰ ਸਿੰਘ ਸਰਨਾ ਨੂੰ ਪੰਥ 'ਚੋਂ ਖਾਰਜ ਕਰਣ ਦਾ ਸੌਂਪਿਆ ਮੰਗ ਪੱਤਰ

**ਨਵੀਂ ਦਿੱਲੀ, 12 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕ ਵਫਦ ਨੇ ਅੱਜ ਕਮੇਟੀ ਦੇ ਸਾਬਕਾ ਪ੍ਰਧਾਨ ਹਰਵਿੰਦਰ ਸਿੰਘ ਸਰਨਾ ਵੱਲੋਂ ਰਾਹੁਲ ਗਾਂਧੀ ਨੂੰ ਮੁਆਫੀ ਦੇਣ ਦੀ ਗੱਲ ਕਰਨ ਅਤੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ ਇਕ ਬਿਲਡਿੰਗ (ਇਮਾਰਤ) ਕਹਿਣ ਦੇ ਮਾਮਲੇ ਵਿਚ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਦਫਤਰ ਪਹੁੰਚ ਕੇ ਆਪਣੀ ਸ਼ਿਕਾਇਤ ਸੌਂਪੀ ਹੈ ਅਤੇ ਹਰਵਿੰਦਰ ਸਰਨਾ ਨੂੰ ਪੰਥ ਵਿਚੋਂ ਛੇਕੇ ਜਾਣ ਦੀ ਮੰਗ ਕੀਤੀ ਹੈ। ਵਫ਼ਦ ਵਿਚ ਦਿੱਲੀ ਕਮੇਟੀ ਦੇ ਮੀਤ ਪ੍ਰਧਾਨ ਆਤਮਾ ਸਿੰਘ ਲੁਬਾਣਾ, ਮੈਂਬਰ ਰਮਿੰਦਰ ਸਿੰਘ ਸਵੀਟਾ, ਸੁਖਬੀਰ ਸਿੰਘ ਕਾਲਰਾ, ਸੁਖਵਿੰਦਰ ਸਿੰਘ ਬੱਬਰ, ਪੰਜਾਬ ਧਰਮ ਪ੍ਰਚਾਰ ਦੇ ਮੁਖੀ ਮਨਜੀਤ ਸਿੰਘ ਭੋਮਾ ਸ਼ਾਮਿਲ ਸਨ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਅੱਜ ਕਮੇਟੀ ਦੇ ਇਕ ਵਫਦ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਇਹ ਸ਼ਿਕਾਇਤ ਸੌਂਪੀ ਹੈ। ਸ਼ਿਕਾਇਤ ਵਿਚ ਦੱਸਿਆ ਗਿਆ ਹੈ ਕਿ ਸ੍ਰ. ਹਰਵਿੰਦਰ ਸਿੰਘ ਸਰਨਾ ਸਾਬਕਾ ਪ੍ਰਧਾਨ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੋਮਣੀ ਅਕਾਲੀ ਦਲ (ਬਾਦਲ) ਦਿੱਲੀ ਇਕਾਈ ਦੇ ਸੀਨੀਅਰ ਆਗੂ ਵੱਲੋਂ ਪਿਛਲੇ ਦਿਨੀਂ ਸਿੱਖ ਕੌਮ ਦੀ ਦੁਸ਼ਮਣ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਰਾਹੁਲ ਗਾਂਧੀ ਨਾਲ ਮੁਲਾਕਾਤ ਕਰਕੇ ਕਾਂਗਰਸ ਪਾਰਟੀ ਨੂੰ 1984 ਵਿਚ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਫੌਜੀ ਹਮਲਾ ਕਰਨ ਅਤੇ ਨਵੰਬਰ 1984 ਵੇਲੇ ਕੀਤੀ ਸਿੱਖ ਨਸਲਕੁਸ਼ੀ ਦੇ ਦੋਸ਼ ਤੋਂ ਮੁਆਫ ਕਰਨ ਦੀ ਗੱਲ ਕਰਨਾ ਬਹੁਤ ਹੀ ਮੰਦਭਾਗਾ ਹੈ। ਉਹਨਾਂ ਦੱਸਿਆ ਕਿ ਇੰਨਾ ਹੀ ਨਹੀਂ ਬਲਕਿ ਇਕ ਨਿੱਜੀ ਚੈਨਲ'ਤੇ ਗੱਲਬਾਤ ਦੌਰਾਨ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਸਿਰਜਿਆ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ ਇਕ ਇਮਾਰਤ (ਬਿਲਡਿੰਗ) ਕਹਿਣਾ ਬਹੁਤ ਵੱਡਾ ਗੁਨਾਹ ਹੈ, ਜਿਸ ਕਰਕੇ ਸੰਗਤਾਂ ਵਿਚ ਬਹੁਤ ਵੱਡਾ ਰੋਸ ਹੈ। ਉਹਨਾਂ ਨੇ ਜਥੇਦਾਰ ਸਾਹਿਬ ਨੂੰ ਅਪੀਲ ਕੀਤੀ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੀ ਸਿੱਖਾ ਦੀ ਦੁਸ਼ਮਣ ਪਾਰਟੀ ਦੇ ਜਨਰਲ ਸਕੱਤਰ ਰਾਹੂਲ ਗਾਂਧੀ ਨਾਲ ਮੁਲਾਕਾਤ ਕਰਨਾ ਬਹੁਤ ਹੀ ਨਿੰਦਣਯੋਗ ਹੈ। ਇਸ ਤੋਂ ਪਹਿਲਾਂ ਵੀ ਕਈ ਵਾਰੀ ਇਹ ਸ੍ਰੀ ਅਕਾਲ ਤਖਤ ਸਾਹਿਬ ਦਾ ਹੁਕਮ ਮਨਣ ਤੋਂ ਇਨਕਾਰੀ ਹੋਏ ਹਨ। ਉਹਨਾਂ ਕਿਹਾ ਕਿ ਜਦੋ ਸ੍ਰ. ਹਰਵਿੰਦਰ ਸਿੰਘ ਸਰਨਾ ਅਤੇ ਸ੍ਰ. ਪਰਮਜੀਤ ਸਿਘ ਸਰਨਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਨ ਤਾਂ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਗੁਰਪੁਰਬਾਂ ਅਤੇ ਸੰਗਰਾਂਦਾਂ ਦੀਆਂ ਤਾਰੀਕਾਂ ਤੋਂ ਉਲਟ ਜਾ ਕੇ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਤੋਂ ਇਨਕਾਰੀ ਹੋ ਕੇ ਆਪਣੀ ਮਰਜ਼ੀ ਨਾਲ ਗੁਰਪੁਰਬ ਅਤੇ ਸੰਗਰਾਂਦਾਂ ਮਨਾ ਕੇ ਸੰਗਤਾਂ ਵਿਚ ਭੁਲੇਖੇ ਪਾਉਂਦੇ ਰਹੇ ਹਨ। ਉਹਨਾਂ ਕਿਹਾ ਕਿ ਸ੍ਰ. ਹਰਵਿੰਦਰ ਸਿੰਘ ਸਰਨਾ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਅਨੁਸਾਰ ਬਣਾਈ ਵਿਦਵਾਨਾਂ ਦੀ ਕਮੇਟੀ ਨੂੰ ਇੱਜੜ ਕਿਹਾ ਸੀ। ਉਹਨਾਂ ਕਿਹਾ ਕਿ ਸਿੰਘ ਸਾਹਿਬਾਨ ਦੀ ਇਕਸੁਰਤਾ ਨੂੰ ਯੂਨੀਅਨ ਕਹਿਣਾ ਅਤੇ ਫਿਰ ਸ੍ਰੀ ਅਕਾਲ ਤਖਤ ਸਾਹਿਬ'ਤੇ ਚਿੱਠੀ ਭੇਜ ਕੇ ਇਹ ਦੱਸਣਾ ਕਿ ਮੈਨੂੰ ਆਪਣੇ ਕਹੇ'ਤੇ ਕੋਈ ਪਛਤਾਵਾ ਨਹੀਂ ਹੈ, ਪੰਥ ਨੂੰ ਇਕ ਵੱਡੀ ਢਾਹ ਲਾਉਣ ਦਾ ਕਾਰਾ ਹੈ। ਉਹਨਾਂ ਕਿਹਾ ਕਿ ਸ੍ਰ. ਹਰਵਿੰਦਰ ਸਿੰਘ ਸਰਨਾ ਦਾ ਮੀਡੀਆ ਵਿਚ ਇਹ ਕਹਿਣਾ ਕਿ ਗੁਰਦੁਆਰਿਆਂ ਵਿਚ ਕੇਂਦਰ ਦੀ ਦਖਲਅੰਦਾਜ਼ੀ ਕਰਕੇ ਰਾਹੂਲ ਗਾਂਧੀ ਨੂੰ ਮਿਲਣ ਆਏ ਹਨ। ਪਰ ਬੜੀ ਹੈਰਾਨੀ ਵਾਲੀ ਗੱਲ ਹੈ ਕਿ ਅਕਾਲੀ ਦਲ ਦੇ 2 ਮੈਂਬਰ ਪਾਰਲੀਮੈਂਟ ਅਤੇ 15-20 ਹੋਰ ਸਿੱਖ ਮੈਂਬਰ ਪਾਰਲੀਮੈਂਟ ਹੋਣ ਦੇ ਬਾਵਜੂਦ ਰਾਹੁਲ ਗਾਂਧੀ ਨੂੰ ਸੰਸਦ ਵਿੱਚ ਮੁੱਦਾ ਚੁੱਕਣ ਲਈ ਕਹਿਣਾ ਬਹੁਤ ਸ਼ੱਕੀ ਹੈ। ਉਹਨਾਂ ਸਵਾਲ ਕੀਤਾ ਕਿ ਕੀ ਹੁਣ ਅਕਾਲੀ ਦਲ ਨੂੰ ਆਪਣੇ ਪਾਰਟੀ ਪ੍ਰਧਾਨ ਅਤੇ ਜਿੱਤੇ ਹੋਏ ਨੁਮਾਇੰਦਿਆਂ'ਤੇ ਭਰੋਸਾ ਨਹੀਂ ਰਿਹਾ? ਉਹਨਾਂ ਕਿਹਾ ਕਿ ਹਰਵਿੰਦਰ ਸਿੰਘ ਸਰਨਾ ਦੀਆਂ ਪੰਥ ਵਿਰੋਧੀ ਕਾਰਵਾਈਆਂ ਅਤੇ ਬਿਆਨਾਂ ਕਰਕੇ ਸਮੁੱਚੀ ਸਿੱਖ ਕੌਮ ਵਿਚ ਬਹੁਤ ਰੋਸ ਹੈ। ਉਹਨਾਂ ਕਿਹਾ ਕਿ ਕਮੇਟੀ ਨੇ ਬੇਨਤੀ ਕੀਤੀ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ ਇਕ ਬਿਲਡਿੰਗ (ਇਮਾਰਤ) ਕਹਿਣ ਵਾਲੇ ਸ੍ਰ. ਹਰਵਿੰਦਰ ਸਿੰਘ ਸਰਨਾ ਵੱਲੋਂ ਆਏ ਦਿਨ ਪੰਥ ਵਿਰੋਧੀ ਹਰਕਤਾਂ ਕਰਕੇ ਯੋਗ ਕਾਰਵਾਈ ਕਰਦੇ ਹੋਏ ਤੁਰੰਤ ਪੰਥ ਵਿਚੋਂ ਖਾਰਜ ਕੀਤਾ ਜਾਵੇ।



### ਪਠਲਾਵਾ ਸੰਸਥਾ ਵਲੋਂ ਐਮਾਂ ਜੱਟਾਂ ਵਿਖੇ

# ਸਹਾਇਤਾ ਵੰਡ ਸਮਾਗਮ ਸੰਪੰਨ














ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ **ਜਿਲਾ** ਸ਼ਹੀਦ ਭਗਤ ਸਿੰਘ ਨਗਰ ਵਲੋਂ ਜ਼ਿਲਾ ਹੁਸ਼ਿਆਰਪੁਰ ਦੀ ਤਹਿਸੀਲ ਗੜ੍ਹਸ਼ੰਕਰ ਦੇ ਪਿੰਡ ਐਮਾਂ ਜਟਾਂ ਵਿਖੇ ਧੰਨ ਧੰਨ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਠਾਈਵਾਂ ਸਲਾਨਾ ਸਹਾਇਤਾ ਵੰਡ ਸਮਾਗਮ ਕਰਵਾਇਆ ਗਿਆ । ਜਿਸਦੀ ਸ਼ੁਭ ਸ਼ੁਰੂਆਤ ਸੰਤ ਬਾਬਾ ਗੁਰਬਚਨ ਸਿੰਘ ਜੀ ਅਸਥਾਨੀ ਮਹਾਂ ਪੁਰਸ਼, ਗੁਰਦੁਆਰਾ, ਸ੍ਰੀਮਾਨ 108 ਬ੍ਰਹਮ ਗਿਆਨੀ ਸੰਤ ਬਾਬਾ ਘਨ੍ਹਈਆ ਜੀ ਪਠਲਾਵਾ ਅਤੇ ਯੋਗੀ ਦੇਵੀ ਨਾਥ ਐਮਾਂ ਜੱਟਾਂ ਵਲੋਂ ਸਾਂਝੇ ਤੌਰ ਤੇ ਫੀਤਾ ਕੱਟ ਕੇ ਕੀਤੀ ਗਈ । ਇਸ ਤੋਂ ਪਹਿਲਾਂ ਗਿਆਨੀ ਦਲਜਿੰਦਰ ਸਿੰਘ ਝਿੱਕਾ ਹਜ਼ੂਰੀ ਰਾਗੀ ਗੁਰਦੁਆਰਾ ਸੰਤ ਬਾਬਾ ਘਨ੍ਹਈਆ ਜੀ ਵਲੋਂ ਅਰਦਾਸ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਜਥੇਦਾਰ ਲਖਵੀਰ ਸਿੰਘ ਡਾਨਸੀਵਾਲ ਵਲੋਂ ਤਿਆਰ ਕੀਤੇ ਛੋਟੀਆਂ ਬੀਬੀਆਂ ਦੇ ਜਥੇ ਨੇ ਬੁਲੰਦ ਅਵਾਜ਼ ਵਿਚ ਕਵੀਸ਼ਰੀ ਦੀ ਸਾਂਝ ਪਾ ਕੀਤੀ ਗਈ। ਇਸ ਤੋਂ ਬਾਅਦ ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਉਹਨਾਂ ਦੁਆਰਾ ਰਚੀ ਗੁਰਬਾਣੀ ਦੇ ਫਲਸਫੇ ਅਤੇ ਸ਼ਹੀਦੀ ਦੇ ਕਾਰਣਾਂ ਵਾਰੇ ਵਿਸਥਾਰ ਵਿਚ ਚਾਨਣਾ ਪਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਪਿੰਡ ਐਮਾਂ ਜਟਾਂ ਦੀ ਮਹਿਲਾ ਸਰਪੰਚ ਸ੍ਰੀਮਤੀ ਕਸ਼ਮੀਰ ਕੌਰ, ,ਯੁਨੀਕ ਹੋਮ ਜਲੰਧਰ ਦੇ ਮੁੱਖ ਸੰਚਾਲਿਕਾ ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਅਤੇ ਸੰਸਥਾ ਦੇ ਧਾਰਮਿਕ ਵਿੰਗ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਵਲੋਂ ਸਾਂਝੇ ਤੌਰ ਤੇ ਕੀਤੀ ਗਈ। ਸ ਜਗਤਾਰ ਸਿੰਘ, ਸਟੇਟ ਟੈਕਸ ਅਫਸਰ ਹੁਸ਼ਿਆਰਪੁਰ ਨੇ ਬਤੌਰ ਮੁੱਖ ਮਹਿਮਾਨ ਸਮਾਗਮ ਵਿੱਚ ਸ਼ਮੂਲੀਅਤ ਕੀਤੀ । ਅਜ਼ਾਦ ਰੰਗ ਮੰਚ ਕਲਾਂ ਭਵਨ ਫਗਵਾੜਾ ਵਲੋਂ ਬੀਬਾ ਕੁਲਵੰਤ ਦੀ ਨਿਰਦੇਸ਼ਨਾਂ ਹੇਠ ਤਿਆਰ ਕੀਤੇ, ਗੁਰੂ ਤੇਗ ਬਹਾਦਰ ਬੋਲਿਆ, ਨਾਟਕ ਦੀ ਸਫਲ ਸਟੇਜੀ ਪੇਸ਼ਕਾਰੀ ਨੇ ਸਰੋਤਿਆਂ ਨੂੰ ਕੀਲ ਰੱਖ ਦਿਤਾ। ਬੁਹਤ ਸਾਰੇ ਲੋਕਾਂ ਦੀਆਂ ਅੱਖਾਂ ਵਿੱਚੋ ਅਥਰੂ ਟਪਕਦੇ ਵੇਖੇ ਗਏ। ਇਲਾਕੇ ਦੀਆਂ ਸਮਾਜ ਸੇਵੀ ਸੰਸਥਾਵਾਂ ਅਤੇ ਅਹਿਮ ਸ਼ਖ਼ਸੀਅਤਾਂ ਨੂੰ ਉਹਨਾਂ ਦੇ ਸਮਾਜ ਸੇਵੀ ਕਾਰਜਾਂ ਲਈ ਉਚੇਚੇ ਤੌਰ ਤੇ ਸਨਮਾਨਿਤ ਕੀਤਾ ਗਿਆ ਜਿਨਾਂ ਵਿਚ ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂ, ਐਮ ਜੇ ਕੇਅਰ ਲਾਈਫ ਹਸਪਤਾਲ ਬੰਗਾ ਦੇ ਮੁਖੀ ਡਾ ਕਸ਼ਮੀਰ ਚੰਦ ਸਰਜੀਕਲ ਸਪੈਸ਼ਿਲਸਟ, ਉਘੇ ਪੱਤਰਕਾਰ ਅਤੇ ਇੰਟਰਨੈਸ਼ਨਲ ਲੇਖਕ ਐਸ ਅਸ਼ੋਕ ਭੌਰਾ ਯੂ ਐਸ ਏ , ਸ ਕੁਲਵਿੰਦਰ ਸਿੰਘ ਢਾਹਾਂ, ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ, ਡਾ ਧਰਮਜੀਤ ਸਿੰਘ ਸੇਵਾ ਮੁਕਤ ਵਾਈਸ ਚਾਂਸਲਰ,ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਦਾ ਸਨਮਾਨ ਕੀਤਾ ਗਿਆ ਇਸ ਤੋਂ ਇਲਾਵਾ ਪੰਜਾਬ ਦੀਆਂ ਨਾਮੀ ਸੰਸਥਾਵਾਂ ਅਤੇ ਉਘੀਆਂ ਸਖਸ਼ੀਅਤਾਂ ਜਿਨਾਂ ਵਿਚ ਮਾਤਾ ਅਮਰ ਕੌਰ,ਚਰਨ ਕੌਰ ਵੈਲਫੇਅਰ ਸੁਸਾਇਟੀ ਭੁੰਗਰਨੀ,ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ,ਮੁਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ ਅਤੇ ਮੈਂਬਰ ਐਸ ਜੀ ਪੀ ਸੀ ਅੰਮ੍ਰਿਤਸਰ ਸਾਹਿਬ, ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਅਤੇ ਬੀ ਡੀ ਸੀ ਨਵਾਂ ਸ਼ਹਿਰ, ਸ ਅਮਰੀਕ ਸਿੰਘ ਨਿਸ਼ਕਾਮ ਟਿਫਨ ਸੇਵਾ ਸੁਸਾਇਟੀ ਗੁਰੂ ਕੀ ਰਸੋਈ ਨਵਾਂ ਸ਼ਹਿਰ,ਗਰੀਨ ਵਿਲੇਜ ਸੁਸਾਇਟੀ ਬੀਣੇਵਾਲ,ਹਰਸੇਵਾ ਮੈਡੀਕਲ ਟਰੱਸਟ ਯੂ ਕੇ ਮੋਰਾਂਵਾਲੀ, ਉਪਕਾਰ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ ਗੜਸ਼ੰਕਰ, ਸੇਵਾ ਸੁਸਾਇਟੀ ਬੰਗਾ ,, ਸੋਸ਼ਲ ਵੈਲਫੇਅਰ ਸੁਸਾਇਟੀ ਬੰਗਾ,ਲੈਕਚਰਾਰ ਰਜਿੰਦਰ ਕੁਮਾਰ ਐਮਾਂ ਸ਼ਰਮਾ, ਸ ਜਤਿੰਦਰ ਸਿੰਘ ਲਾਡੀ, ਸਬ ਦਾ ਭਲਾ ਚੈਰੀਟੇਬਲ ਹਸਪਤਾਲ ਸ਼ਿਕਾਰ ਮਾਛੀਆਂ ਡੇਰਾ ਬਾਬਾ ਨਾਨਕ, ਡਾ ਪਰਮਿੰਦਰ ਸਿੰਘ ਪ੍ਰਿੰਸੀਪਲ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ, ਸਮਾਜ ਭਲਾਈ ਸਵੈ ਸੇਵੀ ਸੰਸਥਾ ਸੁਜੋਂ,ਡਾ ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ ਬੰਗਾ ਸ੍ਰੀਮਤੀ ਰਵਿੰਦਰ ਕੌਰ ਕਨੇਡਾ, ਅਤੇ ਸ ਸੁਰਿੰਦਰ ਸਿੰਘ ਯੂ ਕੇ ਐਮਾਂ ਜਟਾਂ ਦਾ ਸਨਮਾਨ ਕੀਤਾ ਗਿਆ । ਇਸ ਮੌਕੇ ਤੇ 125 ਸਿਲਾਈ ਮਸ਼ੀਨਾਂ, ਪੰਜ ਵੀਹਲ ਚੇਅਰ ,ਅਤੇ ਤਿੰਨ ਟਰਾਈਸਾਈਕਲ ਲੋੜਵੰਦ ਗਰੀਬ ਲੜਕੀਆਂ ਅਤੇ ਵਿਧਵਾਵਾਂ ਨੂੰ ਦਿਤੇ ਗਏ ।। ਸੰਸਥਾ ਵਲੋਂ ਪਿੰਡ ਐਮਾਂ ਜੱਟਾਂ ਦੀ ਮਹਿਲਾ ਸਰਪੰਚ ਸ੍ਰੀਮਤੀ ਕਸ਼ਮੀਰ ਕੌਰ ਅਤੇ ਸਮੂਹ ਗ੍ਰਾਮ ਪੰਚਾਇਤ ਵਲੋਂ ਦਿਤੇ ਸਹਿਯੋਗ ਲਈ ਸਨਮਾਨ ਕੀਤਾ ਗਿਆ। ਸੰਸਥਾ ਵਲੋਂ ਵੱਖ ਵੱਖ ਪਿੰਡਾਂ ਵਿਚ ਚਲਾਏ ਜਾ ਰਹੇ ਮੁਫ਼ਤ ਸਿਲਾਈ ਸੈਂਟਰਾਂ ਦੀਆ ਲੜਕੀਆਂ ਆਪਣੇ ਆਪਣੇ ਮਹਿਲਾਂ ਟੀਚਰਾਂ ਦੀ ਅਗਵਾਈ ਹੇਠ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਹਾਜ਼ਰੀ ਦਿਤੀ । ਸਮੂਹ ਸਿਲਾਈ ਅਧਿਆਪਕਾਵਾਂ ਦਾ ਵੀ ਸੰਸਥਾ ਵਲੋਂ ਸਨਮਾਨ ਕੀਤਾ ਗਿਆ। ਸਾਰੇ ਪ੍ਰੋਗਰਾਮ ਦੀ ਮੇਜ਼ਬਾਨੀ ਲਈ ਸ੍ਰੀ ਸਤੀਸ਼ ਕੁਮਾਰ ਐਮਾਂ ਜੱਟਾਂ ਅਤੇ ਕਮਲਜੀਤ ਕੌਰ ਦਾ ਵੀ ਸਨਮਾਨ ਕੀਤਾ ਗਿਆ ਹੋਰਨਾਂ ਤੋਂ ਇਲਾਵਾ ਸਮਾਗਮ ਵਿਚ ਸੰਸਥਾ ਦੇ ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਸੁਰਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਬਲਵੀਰ ਸਿੰਘ ਨੰਬਰਦਾਰ,ਸ ਮਨਜੀਤ ਸਿੰਘ ਸਾਬਕਾ ਸਰਪੰਚ ਐਮਾਂ ਜੱਟਾਂ,ਸ ਪ੍ਰਮਜੀਤ ਸਿੰਘ ਸੂਰਾਪੁਰ, ਪਰਵਿੰਦਰ ਸਿੰਘ ਰਾਣਾ, ਸੰਦੀਪ ਗੌੜ,ਪ੍ਰੋ ਚਰਨਜੀਤ ਕੁਮਾਰ,ਸ ਦਿਲਾਵਰ ਸਿੰਘ ਸਰਪੰਚ ਪਠਲਾਵਾ ਸ ਕੁਲਦੀਪ ਸਿੰਘ ਪੀਜ਼ਾ ਹੌਟ,ਸ ਹਰਪਾਲ ਸਿੰਘ ਪਠਲਾਵਾ,ਗਿਆਨੀ ਅਵਤਾਰ ਸਿੰਘ ਪਠਲਾਵਾ , ਸੰਤੋਖ ਸਿੰਘ ਸਾਬਕਾ ਪ੍ਰਧਾਨ ਸਪੋਰਟਸ ਕਲੱਬ ਪਠਲਾਵਾ , ਡਾ ਸੰਜੀਵ ਕੁਮਾਰ ਐਮਾਂ ਜੱਟਾਂ,ਸ ਅਮਰਜੀਤ ਸਿੰਘ ਸੂਰਾਪੁਰ, ਆਤਮਾਂ ਸਿੰਘ ਸੂਰਾਪੁਰ, ਕੈਪਟਨ ਜੋਗਾ ਸਿੰਘ,ਮਾ ਰਮੇਸ਼ ਕੁਮਾਰ ਪਠਲਾਵਾ,ਡਾ ਕੁਲਦੀਪ ਰਾਜ ਬੰਗਾ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ, ਸ ਦਿਲਬਾਗ ਸਿੰਘ ਸਾਬਕਾ ਜ਼ਿਲਾ ਸਿੱਖਿਆ ਅਫਸਰ ,ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਜਤਿੰਦਰਪਾਲ ਸਿੰਘ ਸੂਰਾਪੁਰ, ਪ੍ਰਿੰਸੀਪਲ ਜਸਪਾਲ ਸਿੰਘ ਗਿੱਦਾ,ਸ ਸੇਵਾ ਸਿੰਘ ਸ੍ਰੀਮਤੀ ਕੁਲਵਿੰਦਰ ਕੌਰ ਵਾਰੀਆ ਚੇਅਰਪਰਸਨ ਇਸ਼ਤਰੀ ਵਿੰਗ, ਸ੍ਰੀਮਤੀ ਨਰਿੰਦਰ ਕੌਰ,ਰਮਨਜੀਤ ਕੌਰ ਬਲਵਿੰਦਰ ਕੌਰ, ਸਾਰਿਕਾ ਸੋਨੀ ਸੁਜੋਂ ਤਾਰਿਕਾ ਸੋਨੀ ਸੁਜੋਂ, ਬਲਵੀਰ ਕੌਰ ਬੰਗਾ ਸੁਰਿੰਦਰ ਸਿੰਘ ਕਰਮ ਪ੍ਰੈਸ ਸਕੱਤਰ,ਜੀ ਚੰਨੀ ਪਠਲਾਵਾ ਪ੍ਰੈਸ ਸਕੱਤਰ,, ਇੰਦਰਪ੍ਰੀਤ ਸਿੰਘ ਝਿੱਕਾ,ਸ ਹਰਪ੍ਰੀਤ ਸਿੰਘ ਪਠਲਾਵਾ ਪ੍ਰੈਸ ਸਕੱਤਰ, ਜਗਦੀਪ ਸਿੰਘ, ਅਵਤਾਰ ਸਿੰਘ ਸੂਰਾਪੁਰ, ਰਜਿੰਦਰ ਸਿੰਘ ਜਿੰਦਾ, ਕੁਲਵਿੰਦਰ ਸਿੰਘ ਲਾਲੀ, ਰਵਿੰਦਰ ਕੌਰ, ਰੇਸ਼ਮ ਕੌਰ ਪੋਸੀ ਮਾਤਾ ਗੁਰਦਿਆਲ ਕੌਰ, ਲਖਵਿੰਦਰ ਕੌਰ,ਅਮਰ ਸੇਲਕੀਆਣ, ਬਲਜੀਤ ਸਿੰਘ, ਅਮਰੀਕ ਸਿੰਘ ਜਗੈਤ,ਚਰਨ ਸਿੰਘ ਨਵਾਂ ਸ਼ਹਿਰ ਹਾਜ਼ਰ ਸਨ, ਸਟੇਜ ਦੀ ਕਾਰਵਾਈ ਲੈਕਚਰਾਰ ਤਰਸੇਮ ਪਠਲਾਵਾ, ਮਾਸਟਰ ਤਰਲੋਚਨ ਸਿੰਘ ਪਠਲਾਵਾ,ਅਤੇ ਸੰਦੀਪ ਪੋਸੀ ਵਲੋਂ ਬਾਖੂਬੀ ਨਿਭਾਈ ਗਈ।

**ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

ਆਵਾਜ਼ਿ ਕੌਮ AWAZE QAUM International Newspaper & WEB TV

40 ਮੁਕਤਿਆਂ ਦੀ ਯਾਦ ਵਿੱਚ ਗੁਰਦੁਆਰਾ ਸਾਹਿਬ ਪਿੰਡ ਬੁੰਗਾ ਟਿੱਬੀ ਜਿਲਾ ਪੰਚਕੂਲਾ ਵਿਖੇ

# ਗੁਰਮਤਿ ਸਮਾਗਮ ਕਰਵਾਏ ਗਏ

**ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਅਨੇਕਾਂ ਪੰਥਕ ਸ਼ਖਸੀਅਤਾਂ ਨੇ ਭਰੀਆਂ ਹਾਜ਼ਰੀਆਂ**
























40 ਮੁਕਤਿਆਂ ਦੀ ਯਾਦ ਵਿੱਚ ਗੁਰਦੁਆਰਾ ਸਾਹਿਬ ਪਿੰਡ ਬੁੰਗਾ ਟਿੱਬੀ ਜਿਲਾ ਪੰਚਕੂਲਾ ਵਿਖੇ 8 ਫਰਵਰੀ 2026 ਨੂੰ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰਦੇ ਹੋਏ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਗੁਰਮੀਤ ਸਿੰਘ ਰਾਮਸਰ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਸੀਨੀਅਰ ਮੈਂਬਰ,ਸਰਦਾਰ ਰਜਿੰਦਰ ਸਿੰਘ ਬਰਾੜਾ ਸੀਨੀਅਰ ਮੈਂਬਰ,ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਨਰਲ ਸਕੱਤਰ,ਸਰਦਾਰ ਇੰਦਰਜੀਤ ਸਿੰਘ ਵਾਸੂਦੇਵਾ ਸਾਹਾ ਸਾਬਕਾ ਮੈਂਬਰ,ਨੌਜਵਾਨ ਸਿੱਖ ਹਿਸਟੋਰੀਅਨ ਸਿਮਰ ਸਿੰਘ ਚੰਡੀਗੜ ਹਾਜ਼ਰ ਸਨ ਗੁਰਦੁਆਰਾ ਸਾਹਿਬ ਪਿੰਡ ਬੁੰਗਾ ਦੀ ਸਮੁੱਚੀ ਕਾਰ ਸੇਵਾ ਜਥੇਦਾਰ ਸਵਰਨ ਸਿੰਘ ਬੂੰਗਾ,ਸਰਪੰਚ ਕਵਿਤਾ ਚੌਧਰੀ,ਨੰਬਰਦਾਰ ਅਰਜਨ ਸਿੰਘ,ਸਰਦਾਰ ਸੁਖਦੇਵ ਸਿੰਘ,ਸਰਪੰਚਪਤੀ ਜਸਵਿੰਦਰ ਸਿੰਘ ਅਤੇ ਨਗਰ ਨਿਵਾਸੀਆਂ ਵੱਲੋਂ ਲਿਖਤੀ ਤੌਰ ਤੇ ਜਥੇਦਾਰ ਦਾਦੂਵਾਲ ਜੀ ਨੂੰ ਸੌਂਪੀ ਗਈ,ਹਾਜ਼ਰ ਸਿੱਖ ਸੰਗਤਾਂ,ਗੁਰੂ ਕਾ ਲੰਗਰ ਅਤੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਖਾਦੀ ਉਦਯੋਗ ਇੰਡੀਆ ਵੱਲੋਂ ਪੰਚਕੂਲਾ ਵਿਖੇ ਲਗਾਈ ਗਈ ਪ੍ਰਦਰਸ਼ਨੀ ਵਿੱਚ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਮੁੱਖ ਮਹਿਮਾਨ ਵਜੋਂ ਪੁੱਜੇ












ਖਾਦੀ ਉਦਯੋਗ ਇੰਡੀਆ ਵੱਲੋਂ ਪੰਚਕੂਲਾ ਵਿਖੇ ਲਗਾਈ ਗਈ ਪ੍ਰਦਰਸ਼ਨੀ ਵਿੱਚ 8 ਫਰਵਰੀ 2026 ਨੂੰ ਮੁੱਖ ਮਹਿਮਾਨ ਵਜੋਂ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ,ਸਰਦਾਰ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਜਥੇਦਾਰ ਦਾਦੂਵਾਲ ਜੀ ਪ੍ਰਦਰਸ਼ਨੀ ਵਿੱਚ ਸ਼ਾਮਲ ਹੋ ਕੇ 17 ਸਟੇਟਾਂ ਤੋਂ ਸ਼ਵਦੇਸੀ ਵਸਤਾਂ ਬਣਾ ਕੇ ਪੁੱਜੇ ਲੋਕਾਂ ਦਾ ਮਾਣ ਵਧਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**ਬਾਰ ਐਸੋਸੀਏਸ਼ਨ ਪੰਚਕੂਲਾ ਦੇ ਪ੍ਰਧਾਨ ਐਡਵੋਕੇਟ ਸ੍ਰੀ ਰਕੇਸ਼ ਸ਼ਰਮਾ ਦੇ ਸਪੁੱਤਰ ਦੇ ਸ਼ੁੱਭ ਵਿਵਾਹ ਸਮੇਂ**

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਆਸ਼ੀਰਵਾਦ ਦੇਣ ਪੁੱਜੇ
















ਬਾਰ ਐਸੋਸੀਏਸ਼ਨ ਪੰਚਕੂਲਾ ਦੇ ਪ੍ਰਧਾਨ ਐਡਵੋਕੇਟ ਸ੍ਰੀ ਰਕੇਸ਼ ਸ਼ਰਮਾ ਦੇ ਸਪੁੱਤਰ ਦੇ ਸ਼ੁੱਭ ਵਿਵਾਹ ਸਮੇਂ 8 ਫਰਵਰੀ 2026 ਨੂੰ ਆਸ਼ੀਰਵਾਦ ਦੇਣ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸ੍ਰੀ ਤਰੁਣ ਭੰਡਾਰੀ ਜੀ ਰਾਜਨੀਤਿਕ ਸਲਾਹਕਾਰ ਮੁੱਖ ਮੰਤਰੀ ਹਰਿਆਣਾ,ਨੌਜਵਾਨ ਸਿੱਖ ਹਿਸਟੋਰੀਅਨ ਸਿਮਰ ਸਿੰਘ ਚੰਡੀਗੜ੍ਹ, ਸਰਦਾਰ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਨੀਲੋਂ ਖੇੜੀ ਤੋਂ ਮੈਂਬਰ ਬੀਬੀ ਕਪੂਰ ਕੌਰ ਸੌਂਕੜਾ ਦੇ ਪੋਤਰੇ ਅਤੇਟ ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਦੇ ਸਪੁੱਤਰ ਦੇ ਵਿਆਹ ਸਮਾਗਮ ਸਮੇਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਅਨੇਕਾਂ ਸ਼ਖਸੀਅਤਾਂ ਪੁੱਜੀਆਂ












ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਨੀਲੋਂ ਖੇੜੀ ਤੋਂ ਮੈਂਬਰ ਬੀਬੀ ਕਪੂਰ ਕੌਰ ਸੌਂਕੜਾ ਦੇ ਪੋਤਰੇ ਅਤੇਟ ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਦੇ ਸਪੁੱਤਰ ਦੇ ਵਿਆਹ ਸਮਾਗਮ ਸਮੇਂ ਪਿੰਡ ਸੌਂਕੜਾ ਕਰਨਾਲ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਸਰਦਾਰ ਗੁਰਬੀਰ ਸਿੰਘ ਤਲਾਕੌਰ ਜੂਨੀਅਰ ਮੀਤ ਪ੍ਰਧਾਨ,ਸਰਦਾਰ ਜਗਤਾਰ ਸਿੰਘ ਮਾਨ ਮਿੱਠੜੀ ਅੰਤ੍ਰਿੰਗ ਮੈਬਰ,ਸਰਦਾਰ ਗੁਰਤੇਜ ਸਿੰਘ ਅੰਬਾਲਾ ਮੈਂਬਰ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ,ਸਰਦਾਰ ਰਜਿੰਦਰ ਸਿੰਘ ਬਰਾੜਾ ਮੈਂਬਰ,ਸਰਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ,ਸਰਦਾਰ ਜੋਗਾ ਸਿੰਘ ਯਮੁਨਾਨਗਰ ਮੈਂਬਰ,ਜਥੇਦਾਰ ਬਲਦੇਵ ਸਿੰਘ ਹਾਬੜੀ ਮੈਂਬਰ,ਸਰਦਾਰ ਗੁਰਪਾਲ ਸਿੰਘ ਗੋਰਾ ਐਲਣਾਬਾਦ ਮੈਂਬਰ,ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ ਮੈਂਬਰ,ਸਰਦਾਰ ਮੋਹਨਜੀਤ ਸਿੰਘ ਪਾਣੀਪੱਤ ਮੈਂਬਰ,ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਸਕੱਤਰ ਜਨਰਲ SADA,ਸਰਦਾਰ ਗੁਲਾਬ ਸਿੰਘ ਮੂਨਕ ਚੇਅਰਮੈਨ,ਸਰਦਾਰ ਗੁਰਪ੍ਰਸ਼ਾਦ ਸਿੰਘ ਫਰੀਦਾਬਾਦ ਸਾਬਕਾ ਮੈਂਬਰ,ਸਰਦਾਰ ਸਤਿੰਦਰ ਸਿੰਘ ਮੰਟਾ ਰਸੀਦਾਂ ਸਾਬਕਾ ਮੈਂਬਰ,ਬਾਬਾ ਗੁਲਾਬ ਸਿੰਘ ਕਰਨਾਲ,ਸਰਦਾਰ ਇੰਦਰਪਾਲ ਸਿੰਘ ਕਰਨਾਲ,ਅਮਰਜੀਤ ਸਿੰਘ ਲਾਡੀ ਨੀਸਿੰਗ,ਸਰਦਾਰ ਕਾਬਲ ਸਿੰਘ ਵਿਰਕ ਸਾਬਕਾ ਮੈਂਬਰ,ਸਰਦਾਰ ਨਰਿੰਦਰ ਸਿੰਘ ਗਿੱਲ ਕੁਰੂਕਸ਼ੇਤਰ,ਸਰਦਾਰ ਮਨਪ੍ਰੀਤ ਸਿੰਘ ਸੀਂਗੜਾ ਵੀ ਇਸ ਸਮੇਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ 11 ਫਰਵਰੀ 2026 ਨੂੰ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਅਤੇ ਦਰਸ਼ਨ ਦੀਦਾਰ ਕਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਸੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ













ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵੱਡੀ ਪੱਧਰ ’ਤੇ ਸ਼ਹੀਦੀ ਸ਼ਤਾਬਦੀਆਂ ਮਨਾਉਣ ਸਬੰਧੀ

# ਸਿੰਘ ਸਾਹਿਬ ਟੇਕ ਸਿੰਘ ਧਨੌਲਾ ਨੇ ਕੀਤੀ ਮੀਟਿੰਗ



ਤਲਵੰਡੀ ਸਾਬੋ, 12 ਫਰਵਰੀ (ਗੁਰਜੰਟ ਸਿੰਘ ਨਥੇਹਾ)- ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਮੀਟਿੰਗ ਹਾਲ ਵਿਖੇ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੀ ਅਗਵਾਈ ਵਿਚ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਦੇ ਤਿੰਨ ਸੌ ਪੰਜਾਹ ਸਾਲ ਸ਼ਹੀਦੀ ਦਿਵਸ ਸ਼ਤਾਬਦੀ ਨੂੰ ਸਮਰਪਿਤ ਤੇ ਤਿੰਨ ਸੌ ਸਾਲਾ ਸ਼ਹੀਦੀ ਸ਼ਤਾਬਦੀ ਭਾਈ ਤਾਰਾ ਸਿੰਘ ਵਾਂ ਨੂੰ ਸਮਰਪਿਤ ਵੱਡੇ ਪੱਧਰ ’ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਉਣ ਲਈ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸਿੰਘ ਸਾਹਿਬ ਟੇਕ ਸਿੰਘ ਧਨੌਲਾ ਨੇ ਸੰਬੋਧਨ ਕਰਦਿਆਂ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਦੇ ਨਾਲ ਬੱਚਿਆਂ ਨੂੰ ਗੁਰਬਾਣੀ ਸੰਥਿਆ ਕਰਵਾਉਣ ’ਤੇ ਜ਼ੋਰ ਦਿੱਤਾ ਅਤੇ ਗਰਮੀਆਂ ਵਿਚ ਇਕ ਪਾਠ ਬੋਧ ਸਮਾਗਮ ਕਰਵਾਏ ਜਾਣ ਲਈ ਵੀ ਕਿਹਾ।

**ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਗਰਮੀਆਂ ’ਚ ਕਰਵਾਇਆ ਜਾਵੇਗਾ ਇੱਕ ਪਾਠ ਬੋਧ ਸਮਾਗਮ- ਜਥੇਦਾਰ ਟੇਕ ਸਿੰਘ ਧਨੌਲਾ**

ਚੀਫ਼ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਆਪਣੇ ਸੰਬੋਧਨ ਵਿਚ ਅੰਮ੍ਰਿਤ ਸੰਚਾਰ ਵਾਲੇ ਪ੍ਰਾਣੀਆਂ ਦੇ ਨਾਲ ਨਾਲ ਭੁਲੇ ਵਿਸਰੇ ਨੌਜਵਾਨਾਂ ਨੂੰ ਮੁੜ ਆਪਣੇ ਵਿਰਸੇ ’ਤੇ ਧਰਮ ਨਾਲ ਜੋੜਨ ਲਈ ਘਰ ਵਾਪਸੀ ਲਹਿਰ ਸ਼ੁਰੂ ਕਰਨ ਦਾ ਐਲਾਨ ਕੀਤਾ। ਅੰਤ੍ਰਿੰਗ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਨੇ ਵੀ ਆਪਣੇ ਸੰਬੋਧਨ ਵਿਚ ਵਡਮੁੱਲੇ ਵਿਚਾਰਾਂ ਰਾਹੀਂ ਨਿਹਾਲ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੇਜਰ ਸਿੰਘ ਢਿੱਲੋਂ, ਸ. ਮੋਹਨ ਸਿੰਘ ਬੰਗੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸੁਖਬੀਰ ਸਿੰਘ ਮੀਤ ਸਕੱਤਰ, ਨਰਿੰਦਰਜੀਤ ਸਿੰਘ ਮੈਨੇਜਰ, ਭੋਲਾ ਸਿੰਘ ਇੰਚਾਰਜ, ਸਰਬਜੀਤ ਸਿੰਘ ਢੋਟੀਆਂ, ਸਤਨਾਮ ਸਿੰਘ ਸੱਲੋਪੁਰੀ, ਜਗਜੀਤ ਸਿੰਘ ਸਹਿਜ ਪਾਠ ਸੇਵਾ ਲਹਿਰ ਵੱਲੋਂ, ਪੰਜ ਜ਼ਿਲਿਆਂ ਦੇ ਸਮੂਹ ਪ੍ਰਚਾਰਕ, ਢਾਡੀ, ਕਵੀਸ਼ਰ ਸਹਿਬਾਨ, ਸਬ ਦਫ਼ਤਰ ਤੇ ਤਖ਼ਤ ਦਾ ਸਮੁੱਚਾ ਸਟਾਫ ਹਾਜ਼ਰ ਸੀ।

### ਹਵਾਈ ਅੱਡਿਆਂ ਤੇ ਸੁਰੱਖਿਆ ਜਾਂਚਾਂ ਬਾਰੇ ਮੁੜ ਚਰਚਾ ਛਿੜੀ

# ਕਸਟਮਜ਼ ਵਿਭਾਗ ਨੇ ਜਬਤ ਕੀਤੀਆਂ 35 ਕਿਰਪਾਨਾਂ ਤੇ ਗਾਤਰੇ ਕੀਤੇ ਵਾਪਸ



**ਚੰਡੀਗੜ੍ਹ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਸੰਸਥਾਵਾਂ ਵੱਲੋਂ ਸਵਾਗਤ ਕੀਤੇ ਗਏ ਪਰ ਲੰਬੇ ਸਮੇਂ ਤੋਂ ਕੀਤੀਆਂ ਜਾ ਰਹੀਆਂ ਸ਼ਿਕਾਇਤਾਂ ਨੂੰ ਉਜਾਗਰ ਕਰਨ ਵਾਲੇ ਇਕ ਪਹਿਲੂ ਦੇ ਮੱਦੇਨਜ਼ਰ ਮੁੰਬਈ ਹਵਾਈ ਅੱਡੇ ਦੇ ਕਸਟਮਜ਼ ਅਧਿਕਾਰੀਆਂ ਨੇ ਪਿਛਲੇ ਸਮਿਆਂ ਦੌਰਾਨ ਜ਼ਬਤ ਕੀਤੀਆਂ 35 ਕਿਰਪਾਨਾਂ ਗਾਤਰਿਆਂ ਸਮੇਤ ਸਿੱਖ ਕੌਮ ਦੇ ਪ੍ਰਤੀਨਿਧੀਆਂ ਨੂੰ ਬੁੱਧਵਾਰ ਨੂੰ ਵਾਪਸ ਸੌਂਪ ਦਿੱਤੀਆਂ। ਇਹ ਕਾਰਵਾਈ ਉਸ ਵੇਲੇ ਹੋਈ ਹੈ ਜਦੋਂ ਵੱਖ-ਵੱਖ ਸਿੱਖ ਸੰਸਥਾਵਾਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਗਾਤਾਰ ਇਹ ਮਸਲਾ ਉਠਾਇਆ ਜਾਂਦਾ ਰਿਹਾ ਹੈ ਕਿ ਭਾਰਤੀ ਹਵਾਈ ਅੱਡਿਆਂ ਦੀਆਂ ਸੁਰੱਖਿਆ ਜਾਂਚਾਂ ਅਕਸਰ ਹੀ ਸੰਵਿਧਾਨਕ ਤੌਰ ਤੇ ਪ੍ਰਾਪਤ ਧਾਰਮਿਕ ਅਜ਼ਾਦੀ ਨਾਲ ਟਕਰਾਉਂਦੀਆਂ ਹਨ।



ਕਸਟਮ ਕਰਮਚਾਰੀਆਂ ਨੇ ਇਹ ਧਾਰਮਿਕ ਵਸਤੂਆਂ ਵੱਖ-ਵੱਖ ਸਮਿਆਂ ਤੇ ਅੰਮ੍ਰਿਤਧਾਰੀ ਸਿੱਖ ਯਾਤਰੀਆਂ ਤੋਂ ਸੁਰੱਖਿਆ ਜਾਂਚ ਦੌਰਾਨ ਇਸ ਕਰਕੇ ਕਬਜ਼ੇ ਵਿੱਚ ਲੈ ਲਈਆਂ ਗਈਆਂ ਸਨ ਕਿਉਂਕਿ ਉਨ੍ਹਾਂ ਵੱਲੋਂ ਧਾਰਨ ਕੀਤੀਆਂ ਇਹ ਛੋਟੀਆਂ ਕਿਰਪਾਨਾਂ ਨਿਰਧਾਰਿਤ ਹਵਾਈ ਮਾਪਦੰਡਾਂ ਜਾਂ ਨਾਲ ਲਿਜਾਣ ਸਬੰਧੀ ਨਿਯਮਾਂ ਦੇ ਅਨੁਕੂਲ ਨਹੀਂ ਸਨ। ਕਿਰਪਾਨ, ਜਿਸਨੂੰ ਅੰਮ੍ਰਿਤਧਾਰੀ ਸਿੱਖ ਆਪਣੇ ਪੰਜ ਕਕਾਰਾਂ ਵਿੱਚੋਂ ਇਕ ਵਜੋਂ ਧਾਰਨ ਕਰਦੇ ਹਨ, ਸਿੱਖਾਂ ਲਈ ਗਹਿਰਾ ਆਧਿਆਤਮਿਕ ਮਹੱਤਵ ਰੱਖਦੀ ਹੈ ਅਤੇ ਧਾਰਮਿਕ ਪਛਾਣ ਨਾਲ ਅਟੁੱਟ ਮੰਨੀ ਜਾਂਦੀ ਹੈ। ਮਹਾਰਾਸ਼ਟਰ ਆਧਾਰਿਤ ‘ਸਤਿ ਸ੍ਰੀ ਅਕਾਲ ਵੈਲਫੇਅਰ ਟਰੱਸਟ’ ਦੇ ਸਕੱਤਰ ਸਰਦਾਰ ਪੂਰਨ ਸਿੰਘ ਬੰਗਾ ਨੇ ਇਹ ਕਿਰਪਾਨਾਂ ਲੈਣ ਵੇਲੇ ਕਿਹਾ ਕਿ ਇਹ ਪਵਿੱਤਰ ਵਸਤੂਆਂ ਵਾਪਸ ਲੈਣ ਦੀ ਕੋਸ਼ਿਸ਼ ਸਿੱਖੀ ਮਰਿਆਦਾ ਦੀ ਰੱਖਿਆ ਭਾਵਨਾ ਨਾਲ ਕੀਤੀ ਗਈ। ਉਨ੍ਹਾਂ ਦੱਸਿਆ ਕਿ ਹਵਾਈ ਅੱਡੇ ਉਤੇ ਜਦੋਂ ਕਿਰਪਾਨ ਜ਼ਬਤ ਕੀਤੀ ਜਾਂਦੀ ਹੈ ਤਾਂ ਸਿੱਖ ਅਨੁਯਾਈ ਉਸਨੂੰ ਆਮ ਚੀਜ਼ ਨਹੀਂ ਸਗੋਂ ਆਸਥਾ ਦੇ ਪ੍ਰਤੀਕ ਵਜੋਂ ਦੇਖਦੇ ਹਨ ਜਿਸ ਨਾਲ ਅਦਬ ਨਾਲ ਵਰਤਾਅ ਹੋਣਾ ਚਾਹੀਦਾ ਹੈ। ਉਨ੍ਹਾਂ ਦੇ ਮੁਤਾਬਕ ਸੁਰੱਖਿਆ ਸਕ੍ਰੀਨਿੰਗ ਦੌਰਾਨ ਕਈ ਵਾਰ ਸਿੱਖ ਮੁਸਾਫ਼ਰ ਅਣਜਾਣੇ ਵਿੱਚ ਹੀ ਕਿਰਪਾਨਾਂ ਓਥੇ ਹੀ ਛੱਡ ਜਾਂਦੇ ਹਨ ਜਿਸ ਤੋਂ ਬਾਅਦ ਕਈ ਵਸਤੂਆਂ ਸਰਕਾਰੀ ਹਿਰਾਸਤ ਵਿੱਚ ਬਿਨਾਂ ਦਾਅਵੇ ਪਈਆਂ ਰਹਿ ਜਾਂਦੀਆਂ ਹਨ। ਟਰੱਸਟ ਨੇ ਹਵਾਈ ਅੱਡਿਆਂ ’ਤੇ ਇਸ ਵੇਲੇ ਰੱਖੀਆਂ ਧਾਰਮਿਕ ਵਸਤੂਆਂ ਦੀ ਪਛਾਣ ਲਈ ਕਸਟਮਜ਼ ਅਧਿਕਾਰੀਆਂ ਨਾਲ ਸਹਿਯੋਗ ਸ਼ੁਰੂ ਕਰ ਦਿੱਤਾ ਹੈ। ਤਸਦੀਕ ਤੋਂ ਬਾਅਦ ਐਸੀਆਂ ਧਾਰਮਿਕ ਵਸਤੂਆਂ ਟਰੱਸਟ ਜਾਂ ਸਥਾਨਕ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਸੌਂਪ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਜਿੱਥੇ ਸੰਭਵ ਹੋਵੇਗਾ ਉਨ੍ਹਾਂ ਨੂੰ ਸੰਬੰਧਿਤ ਪਰਿਵਾਰਾਂ ਨੂੰ ਵਾਪਸ ਕੀਤਾ ਜਾਵੇਗਾ ਨਹੀਂ ਤਾਂ ਸਿੱਖ ਧਾਰਮਿਕ ਪਰੰਪਰਾਵਾਂ ਅਨੁਸਾਰ ਸਨਮਾਨ ਢੰਗ ਨਾਲ ਜਲ ਪ੍ਰਵਾਹ ਕੀਤਾ ਜਾਵੇਗਾ ਅਤੇ ਸਾਰੀਆਂ ਕਾਨੂੰਨੀ ਕਾਰਵਾਈਆਂ ਪੂਰੀਆਂ ਕੀਤੀਆਂ ਜਾਣਗੀਆਂ। ਸਰਦਾਰ ਪੂਰਨ ਸਿੰਘ ਨੇ ਹੋਰ ਜਾਣਕਾਰੀ ਦਿੱਤੀ ਕਿ ਕਸਟਮਜ਼ ਅਧਿਕਾਰੀਆਂ ਨੇ ਦੱਸਿਆ ਹੈ ਕਿ ਹਾਲ ਹੀ ਵਿੱਚ ਹੋਰ ਧਰਮਾਂ ਨਾਲ ਸੰਬੰਧਿਤ ਵਸਤੂਆਂ ਲਈ ਵੀ ਇਸੇ ਤਰ੍ਹਾਂ ਦੀ ਪ੍ਰਕਿਰਿਆ ਅਪਣਾਈ ਗਈ ਹੈ। ਪਵਿੱਤਰ ਕੁਰਆਨ ਸ਼ਰੀਫ ਅਤੇ ਪਵਿੱਤਰ ਬਾਈਬਲ ਦੀਆਂ ਪ੍ਰਤੀਆਂ ਅਤੇ ‘ਜਮਜਮ’ ਪਾਣੀ ਦੀਆਂ ਬੋਤਲਾਂ ਵੀ ਯਾਤਰੀਆਂ ਜਾਂ ਕੌਮੀ ਪ੍ਰਤੀਨਿਧੀਆਂ ਨੂੰ ਵਾਪਸ ਕੀਤੀਆਂ ਗਈਆਂ ਹਨ।ਇਸ ਪਹਿਲਕਦਮੀ ਦੇ ਬਾਵਜੂਦ ਵੀ ਸਿੱਖ ਸੰਸਥਾਵਾਂ ਹਵਾਈ ਅੱਡਿਆਂ ਦੀਆਂ ਸੁਰੱਖਿਆ ਪ੍ਰਕਿਰਿਆਵਾਂ ਬਾਰੇ ਚਿੰਤਾ ਜਤਾਉਂਦੀਆਂ ਆ ਰਹੀਆਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਕਈ ਵਾਰ ਯਾਤਰੀਆਂ ਨੂੰ ਸਰੀਰਕ ਜਾਂਚ ਦੌਰਾਨ ਕੜਾ, ਜੋ ਧਾਰਮਿਕ ਤੌਰ ਤੇ ਲਾਜ਼ਮੀ ਚਿੰਨ੍ਹ ਹੈ, ਵੀ ਸਿੱਖਾਂ ਨੂੰ ਉਤਾਰਣ ਲਈ ਕਿਹਾ ਜਾਂਦਾ ਹੈ। ਸਿੱਖ ਚਿੰਤਕ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਹਵਾਈ ਸੁਰੱਖਿਆ ਨਿਯਮਾਂ ਅਤੇ ਸੰਵਿਧਾਨਕ ਧਾਰਮਿਕ ਅਧਿਕਾਰਾਂ ਵਿਚਕਾਰ ਸੰਤੁਲਨ ਬਣਾਉਣ ਲਈ ਸਾਰੇ ਹਵਾਈ ਅੱਡਿਆਂ ’ਤੇ ਸਪਸ਼ਟ ਦਿਸ਼ਾ-ਨਿਰਦੇਸ਼ ਅਤੇ ਸੁਰੱਖਿਆ ਕਰਮਚਾਰੀਆਂ ਨੂੰ ਲਾਜ਼ਮੀ ਤੌਰ ਤੇ ਬਿਹਤਰ ਤਰੀਕੇ ਨਾਲ ਜਾਗਰੂਕ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਅੰਮ੍ਰਿਤਧਾਰੀ ਸਿੱਖ ਮੁਸਾਫ਼ਰਾਂ ਨੂੰ ਹਵਾਈ ਅੱਡਿਆਂ ’ਤੇ ਕਿਰਪਾਨ ਅਤੇ ਖੰਡੇ ਵਾਲੇ ਗਲ਼ੇ ਵਿੱਚ ਪਹਿਨੇ ਲਾਕਟ ਵੀ ਨਾਲ ਲਿਜਾਣ ਤੋਂ ਰੋਕਿਆ ਗਿਆ ਹੈ ਅਤੇ ਸਿੱਖਾਂ ਨੇ ਅਜੇਹੇ ਮਸਲੇ ਕੇਂਦਰ ਸਰਕਾਰ ਕੋਲ ਉਠਾਏ ਹਨ।ਉਨ੍ਹਾਂ ਕਿਹਾ ਕਿ ਅਜਿਹੀਆਂ ਸਖ਼ਤ ਜਾਂਚਾਂ ਸਿੱਖਾਂ ਅੰਦਰ ਭਾਵਨਾਤਮਕ ਪੀੜ ਪੈਦਾ ਕਰਦੀਆਂ ਹਨ ਅਤੇ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀਆਂ ਹਨ।

# ਵਿਜੇ ਕੁਮਾਰ ਬਿੱਲਾ ਪਹਿਲਵਾਨ ਦਾਂ ਇੱਕ ਦਿਨ ਵਿੱਚ ਦੋ ਖਿਤਾਬ ਜਿੱਤਣ ਵਾਲੇ ਦਾ ਰਿਕਾਰਡ ਅੱਜ ਤੱਕ ਕੋਈ ਨਹੀਂ ਤੋੜ ਸਕਿਆ



ਚੌਕ ਮਹਿਤਾ, 12 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)ਅੰਮ੍ਰਿਤਸਰ ਦੀ ਪਵਿੱਤਰ ਧਰਤੀ ਨੇ ਕਈ ਮਹਾਨ ਪਹਿਲਵਾਨਾਂ ਨੂੰ ਜਨਮ ਦਿੱਤਾ ਹੈ। ਅਜਿਹਾ ਹੀ ਇੱਕ ਨਾਮ ਵਿਜੇ ਕੁਮਾਰ “ਬਿੱਲਾ” ਪਹਿਲਵਾਨ ਹੈ, ਜੋ ਆਪਣੀ ਅਸਾਧਾਰਨ ਤਾਕਤ ਅਤੇ ਚੁਸਤੀ ਲਈ ਜਾਣਿਆ ਜਾਂਦਾ ਹੈ। ਉਹ ਨਾ ਸਿਰਫ਼ ਇੱਕ ਮਜ਼ਬੂਤ ਲੜਾਕੂ ਸੀ, ਸਗੋਂ ਅਨੁਸ਼ਾਸਨ ਅਤੇ ਸਖ਼ਤ ਮਿਹਨਤ ਦੀ ਇੱਕ ਉਦਾਹਰਣ ਵੀ ਸੀ। ਇੱਕ ਦਿਨ ਵਿੱਚ ਦੋ ਇਤਿਹਾਸਕ ਖਿਤਾਬ (1971) ਵਿਜੇ ਕੁਮਾਰ ਨੇ ਇੱਕ ਦਿਨ ਵਿੱਚ ਦੋ ਵੱਕਾਰੀ ਖਿਤਾਬ - ਭਾਰਤ ਕੁਮਾਰ ਅਤੇ ਭਾਰਤ ਕੇਸਰੀ - ਜਿੱਤ ਕੇ ਇਤਿਹਾਸ ਰਚਿਆ। ਉਸ ਦਿਨ, ਉਸਨੇ ਸਵੇਰ ਤੋਂ ਸ਼ਾਮ ਤੱਕ ਲਗਾਤਾਰ ਕਈ ਸਖ਼ਤ ਮੁਕਾਬਲੇ ਲੜੇ। ਪਹਿਲਾਂ, ਉਸਨੇ ਇੱਕ ਮਜ਼ਬੂਤ ਪ੍ਰਦਰਸ਼ਨ ਨਾਲ ਭਾਰਤ ਕੁਮਾਰ ਦਾ ਖਿਤਾਬ ਜਿੱਤਿਆ। ਇਸ ਤੋਂ ਬਾਅਦ ਵੀ, ਉਸਨੇ ਉਸ ਦਿਨ ਅਗਲੇ ਮੁਕਾਬਲੇ ਬਿਨਾਂ ਥੱਕੇ ਲੜੇ ਅਤੇ ਭਾਰਤ ਕੇਸਰੀ ਦਾ ਸਨਮਾਨ ਪ੍ਰਾਪਤ ਕੀਤਾ। ਇਹ ਪ੍ਰਾਪਤੀ ਨਾ ਸਿਰਫ਼ ਸਰੀਰਕ ਤਾਕਤ ਦੁਆਰਾ, ਸਗੋਂ ਅਦੁੱਤੀ ਹਿੰਮਤ, ਮਾਨਸਿਕ ਦ੍ਰਿੜਤਾ ਅਤੇ ਅਟੁੱਟ ਆਤਮ-ਵਿਸ਼ਵਾਸ ਦੁਆਰਾ ਵੀ ਸੰਭਵ ਹੋਈ।

ਗੁਰੂ ਅਤੇ ਸਿਖਲਾਈ-ਵਿਜੇ ਕੁਮਾਰ ਪ੍ਰਸਿੱਧ ਗੁਰੂ, ਕੈਪਟਨ ਚੰਦਰਰੂਪ ਦਾ ਚੇਲਾ ਸੀ। ਉਸਦੇ ਗੁਰੂ ਦੇ ਸਖ਼ਤ ਅਨੁਸ਼ਾਸਨ ਅਤੇ ਰਵਾਇਤੀ ਅਖਾੜਾ ਸੱਭਿਆਚਾਰ ਨੇ ਉਸਨੂੰ ਇੱਕ ਪੂਰਾ ਪਹਿਲਵਾਨ ਬਣਾਇਆ। ਉਸਦੀ ਰੋਜ਼ਾਨਾ ਸਿਖਲਾਈ ਸਖ਼ਤ ਅਤੇ ਪ੍ਰੇਰਨਾਦਾਇਕ ਸੀ— ਰੋਜ਼ਾਨਾ 10 ਤੋਂ 20 ਕਿਲੋਮੀਟਰ ਦੌੜਨਾ ਲਗਭਗ 3,000 ਪੁਸ਼-ਅੱਪ 3,000 ਸਿਟ-ਅੱਪ ਦਿਨ ਵਿੱਚ ਦੋ ਵਾਰ ਅਖਾੜੇ ਵਿੱਚ ਕੁਸ਼ਤੀ ਅਭਿਆਸ ਇੰਨੀ ਸਖ਼ਤ ਮਿਹਨਤ ਦੇ ਕਾਰਨ, ਉਸਦਾ ਸਟੈਮਿਨਾ ਅਸਾਧਾਰਨ ਸੀ। ਉਸ ਕੋਲ ਆਖਰੀ ਪਲ ਤੱਕ ਮੈਚ ਨੂੰ ਪਲਟਣ ਦੀ ਸਮਰੱਥਾ ਸੀ।

ਚੁਸਤੀ ਅਤੇ ਜਨੂੰਨ-ਵਿਜੇ ਕੁਮਾਰ “ਬਿੱਲਾ” ਪਹਿਲਵਾਨ ਆਪਣੀ ਗਤੀ ਅਤੇ ਚੁਸਤੀ ਲਈ ਜਾਣਿਆ ਜਾਂਦਾ ਸੀ। ਉਸਦੀ ਐਥਲੈਟਿਕ ਸਰੀਰਕਤਾ ਨੇ ਉਸਨੂੰ ਬਿਜਲੀ ਦੀ ਗਤੀ ਨਾਲ ਹਮਲਾ ਕਰਨ ਦੀ ਆਗਿਆ ਦਿੱਤੀ। ਉਹ ਬਹੁਤ ਹੀ ਦਲੇਰ, ਦ੍ਰਿੜ ਅਤੇ ਜਿੱਤਣ ਲਈ ਦ੍ਰਿੜ ਸੀ। ਉਸਦਾ ਹਾਰ ਮੰਨਣ ਦਾ ਸੁਭਾਅ ਨਹੀਂ ਸੀ। ਉਸਦੇ ਆਤਮਵਿਸ਼ਵਾਸ ਨੇ ਅਖਾੜੇ ਵਿੱਚ ਦਾਖਲ ਹੁੰਦੇ ਹੀ ਉਸਦੇ ਵਿਰੋਧੀ ’ਤੇ ਦਬਾਅ ਪਾਇਆ। ਉਸਦੀ ਪਕੜ ਮਜ਼ਬੂਤ ਸੀ ਅਤੇ ਉਸਦੇ ਹਮਲੇ ਸਹੀ ਸਨ।

-ਪ੍ਰੇਰਨਾ ਦਾ ਸਰੋਤ-ਵਿਜੇ ਕੁਮਾਰ ਦੀ ਜ਼ਿੰਦਗੀ ਸਾਨੂੰ ਸਿਖਾਉਂਦੀ ਹੈ ਕਿ— ÷ਲਗਾਤਾਰ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ ਇਰਾਦੇ ਨਾਲ, ਅਸੰਭਵ ਵੀ ਸੰਭਵ ਹੋ ਜਾਂਦਾ ਹੈ।÷ ਉਸਦੀਆਂ ਕਹਾਣੀਆਂ ਅਜੇ ਵੀ ਪੰਜਾਬ ਅਤੇ ਦੇਸ਼ ਭਰ ਦੇ ਅਖਾੜਿਆਂ ਵਿੱਚ ਸੁਣਾਈਆਂ ਜਾਂਦੀਆਂ ਹਨ। ਉਹ ਪਹਿਲਵਾਨਾਂ ਦੀ ਨਵੀਂ ਪੀੜ੍ਹੀ ਲਈ ਪ੍ਰੇਰਨਾ ਦਾ ਥੰਮ੍ਹ ਹੈ।

## ਗੁਰਦੁਆਰਾ ਟਾਹਲਾ ਸਾਹਿਬ ਤਰਸਿੱਕਾ ਨਹਿਰ ਪੁਲ ਵਿੱਖੇ ਧਾਰਮਿਕ ਸਮਾਗਮ,14,15,16 ਫਰਵਰੀ ਨੂੰ

, ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਚੌਕ ਮਹਿਤਾ 12 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)



ਗੁਰਦੁਆਰਾ ਟਾਹਲਾ ਸਾਹਿਬ ਤਰਸਿੱਕਾ ਨਹਿਰ ਪੁਲ ਵਾਲੇ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕੇ ਵਾਲਿਆਂ ਦੀ ਅਗਵਾਈ ਹੇਠ ਸਲਾਨਾ 40 ਵਾ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਤੇ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕੇ ਵਾਲਿਆਂ ਨੇ ਕਿਹਾ ਕਿ ਇਹ ਜੋੜ ਮੇਲਾ ਅਮਰ ਸ਼ਹੀਦ ਧੰਨ ਧੰਨ ਸ਼੍ਰੀ ਮਾਨ ਬਾਬਾ ਦੀਪ ਸਿੰਘ ਜੀ ਸ਼ਹੀਦ, ਮਾਸਟਰ ਅਜੀਤ ਸਿੰਘ ਸ਼ਹੀਦ ਪੂਰਨ ਬ੍ਰਹਮ ਗਿਆਨੀ ਸ੍ਰੀ ਮਾਨ ਸੰਤ ਬਾਬਾ ਕਰਮ ਸਿੰਘ ਜੀ ਨੂੰ ਸਮਰਪਿਤ 15 ਜਨਵਰੀ 2026ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠਾਂ ਸਾਹਿਬਾਨ ਦੀ ਲੜੀ ਆਰੰਭ ਕੀਤੀ ਗਈ ਹੈ। ਜਿਨ੍ਹਾਂ ਦੇ ਭੋਗ 14 ਫਰਵਰੀ 2026 ਨੂੰ ਸਵੇਰੇ 10 ਵਜੇ ਪਾਏ ਜਾਣਗੇ ਉਪਰੰਤ ਖੁੱਲ੍ਹੇ ਦੀਵਾਨ ਸਜਾਏ ਜਾਣਗੇ ਜਿਸ ਵਿਚ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾ ਵਾਚਕ , ਢਾਡੀ, ਕਵੀਸ਼ਰ ਪ੍ਰਚਾਰਕ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। 15 ਫਰਵਰੀ ਨੂੰ ਸਵੇਰੇ 9 ਵਜੇ ਮਹਾਨ ਨਗਰ ਕੀਰਤਨ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਸਾਹਿਬਾਨ ਦੀ ਅਗਵਾਈ ਹੇਠ ਸਜਾਏ ਜਾਣਗੇ। 16 ਫਰਵਰੀ ਨੂੰ ਮਹਾਨ ਅਮ੍ਰਿੰਤ ਸੰਚਾਰ ਹੋਣਗੇ।ਇਸ ਮੌਕੇ ਤੇ ਸੰਤ ਮਹਾਂਪੁਰਸ਼, ਨਿਹੰਗ ਸਿੰਘ ਜਥੇਬੰਦੀਆਂ,ਨਿਰਮਲੇ ਸੰਤ, ਸਮਾਜ ਸੇਵੀ ਅਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਹਾਜ਼ਰੀਆਂ ਭਰਨਗੀਆ। ਪੰਜ ਕਕਾਰ ਫ੍ਰੀ ਦਿੱਤੇ ਜਾਣਗੇ। ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕੇ ਵਾਲਿਆਂ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਸਮਾਗਮਾਂ ਵਿੱਚ ਤਨ ਮਨ ਧਨ ਨਾਲ ਸੇਵਾ ਕਰਕੇ ਆਪਣੇ ਜੀਵਨ ਨੂੰ ਸਫਲ ਕਰਨ ਜੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਿੱਲੀ ਸਰਕਾਰ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਨੂੰ ਹਮਦਰਦੀ ਭਰੀ ਪਹੁੰਚ ਅਪਣਾਏ, ਸਿੱਖ ਭਾਵਨਾਵਾਂ ਦੀ ਕਦਰ ਕਰਦਿਆਂ ਉਨ੍ਹਾਂ ਨੂੰ

# ਪੱਕੇ ਤੌਰ 'ਤੇ ਕਰੇ ਰਿਹਾਅ- ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ




**ਸ੍ਰੀ ਅੰਮ੍ਰਿਤਸਰ, 12 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਿੱਲੀ ਦੀ ਭਾਜਪਾ ਸਰਕਾਰ ਵੱਲੋਂ ਬੰਦੀ ਸਿੰਘ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਲਈ ਪਟੀਸ਼ਨ ਨੂੰ ਅਸਵੀਕਾਰ ਕਰਨ ਨੂੰ ਮੰਦਭਾਗਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਕੈਬਨਿਟ ਮੰਤਰੀ ਸ. ਮਨਜਿੰਦਰ ਸਿੰਘ ਸਿਰਸਾ ਅਤੇ ਹੋਰ ਮੰਤਰੀ ਉਨ੍ਹਾਂ ਨੂੰ ਮਿਲਣ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਏ ਸਨ ਤਾਂ ਉਨ੍ਹਾਂ ਨੇ ਉਸ ਵੇਲੇ ਮੁੱਖ ਮੰਤਰੀ ਨੂੰ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਕਰਵਾਉਣ ਲਈ ਆਖਿਆ ਸੀ। ਉਨ੍ਹਾਂ ਕਿਹਾ ਕਿ ਪਹਿਲਾਂ ਦਸ ਸਾਲ ਦਿੱਲੀ ਦੀ ਆਮ ਆਦਮੀ ਪਾਰਟੀ ਦੀ ਅਰਵਿੰਦ ਕੇਜਰੀਵਾਲ ਸਰਕਾਰ ਨੇ ਪ੍ਰੋ. ਭੁੱਲਰ ਦੀ ਰਿਹਾਈ ਦਾ ਮਾਮਲਾ ਲਟਕਾ ਕੇ ਰੱਖਿਆ ਅਤੇ ਸਿੱਖ ਭਾਵਨਾਵਾਂ ਦੀ ਕਦਰ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਹੁਣ ਜਦੋਂ ਦਿੱਲੀ ਵਿਖੇ ਸਰਕਾਰ ਬਦਲ ਕੇ ਭਾਜਪਾ ਦੀ ਬਣ ਗਈ ਹੈ ਤਾਂ ਸਰਕਾਰ ਦੇ ਸਜ਼ਾ ਸਮੀਖਿਆ ਬੋਰਡ ਦੀ ਇਕੱਤਰਤਾ ਵਿੱਚ ਕੁੱਲ 51 ਕੈਦੀਆਂ ਦੀ ਰਿਹਾਈ ਦੇ ਮਾਮਲੇ ਵਿਚਾਰੇ ਗਏ ਜਿਨ੍ਹਾਂ ਵਿੱਚੋਂ 24 ਕੇਸਾਂ ਨੂੰ ਅਪ੍ਰਵਾਨ ਕੀਤਾ ਗਿਆ ਹੈ ਜਦਕਿ ਬਾਕੀ 27 ਪ੍ਰਵਾਨ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜਦੋਂ ਬਾਕੀ ਕੈਦੀਆਂ ਨੂੰ ਰਿਹਾਅ ਕਰਨ ਦਾ ਫੈਸਲਾ ਕੀਤਾ ਜਾ ਸਕਦਾ ਹੈ ਤਾਂ ਜੇਕਰ ਸਰਕਾਰ ਚਾਹੇ ਤਾਂ ਉਹ ਪ੍ਰੋ. ਭੁੱਲਰ ਨੂੰ ਵੀ ਰਿਹਾਅ ਕਰ ਸਕਦੀ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪ੍ਰੋ. ਭੁੱਲਰ ਦੇ ਮਾਮਲੇ ਨੂੰ ਮਨੁੱਖਤਾ ਤੇ ਹਮਦਰਦੀ ਦੇ ਤੌਰ ਉੱਤੇ ਦੇਖਦਿਆਂ ਸਰਕਾਰ ਨੂੰ ਸਮੁੱਚੀ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਕਦਰ ਕਰਕੇ ਉਨ੍ਹਾਂ ਨੂੰ ਪੱਕੇ ਤੌਰ ਉੱਤੇ ਰਿਹਾਅ ਕਰਨਾ ਚਾਹੀਦਾ ਹੈ ਕਿਉਂਕਿ ਉਹ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਸਮੁੱਚੀ ਜ਼ਿੰਮੇਵਾਰੀ ਹੁਣ ਕੇਵਲ ਦਿੱਲੀ ਸਰਕਾਰ ਦੀ ਹੈ ਅਤੇ ਸਰਕਾਰ ਨੂੰ ਦੇਸ਼ ਅੰਦਰ ਸਿੱਖਾਂ ਦੇ ਯੋਗਦਾਨ ਦੇ ਮੱਦੇਨਜ਼ਰ ਪ੍ਰੋ. ਭੁੱਲਰ ਦੀ ਫਾਈਲ ਉੱਤੇ ਦਸਤਖ਼ਤ ਕਰਕੇ ਉਨ੍ਹਾਂ ਦੀ ਰਿਹਾਈ ਕਰ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਅੱਜ ਦੇਸ਼ ਅਜ਼ਾਦੀ ਦਾ ਨਿੱਘ ਮਾਣ ਰਿਹਾ ਹੈ ਤਾਂ ਇਸ ਵਿੱਚ ਸਭ ਤੋਂ ਵੱਡਾ ਯੋਗਦਾਨ ਸਿੱਖਾਂ ਦਾ ਹੈ ਅਤੇ ਕਦੇ ਕੋਈ ਮੁਸ਼ਕਿਲ ਵੀ ਪੈਂਦੀ ਹੈ ਤਾਂ ਸਿੱਖ ਸਭ ਤੋਂ ਮੂਹਰੇ ਹੋ ਕੇ ਸੇਵਾਵਾਂ ਲਈ ਖੜ੍ਹਦੇ ਹਨ। ਸਰਕਾਰ ਨੂੰ ਸਿੱਖਾਂ ਦੇ ਅਜਿਹੇ ਹਰ ਮਸਲੇ ਨੂੰ ਸੰਜੀਦਗੀ ਨਾਲ ਹੱਲ ਕਰਨਾ ਚਾਹੀਦਾ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਮੁੱਚੀ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਲਗਾਤਾਰ ਸ਼ਾਂਤਮਈ ਢੰਗ ਨਾਲ ਅਵਾਜ਼ ਬੁਲੰਦ ਕੀਤੀ ਜਾਵੇ ਅਤੇ ਇਸੇ ਵਿਸ਼ੇ ਉੱਤੇ ਸਮੁੱਚਾ ਖ਼ਾਲਸਾ ਪੰਥ ਇਕਜੁੱਟ ਹੋ ਕੇ ਕਾਰਜ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV

## ਖਾਲਸਾ ਕਾਲਜੀਏਟ ਸਕੂਲ, ਮਹਿਤਾ ਵਿਖੇ

# ਕੁਇਜ਼, ਭਾਸ਼ਣ ਅਤੇ ਲੇਖਣ ਮੁਕਾਬਲਿਆਂ ਦਾ ਸਫਲ ਆਯੋਜਨ



**ਚੌਂਕ ਮਹਿਤਾ,12 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਕਾਲਜੀਏਟ ਸਕੂਲ, ਮਹਿਤਾ ਵਿਖੇ ਵਿਦਿਆਰਥੀਆਂ ਦੀ ਬੌਧਿਕ ਯੋਗਤਾ, ਆਤਮਵਿਸ਼ਵਾਸ ਅਤੇ ਰਚਨਾਤਮਕਤਾ ਨੂੰ ਨਿਖਾਰਨ ਦੇ ਉਦੇਸ਼ ਨਾਲ ਕੁਇਜ਼, ਭਾਸ਼ਣ ਅਤੇ ਲੇਖਣ ਮੁਕਾਬਲੇ ਬੜੇ ਹੀ ਉਤਸ਼ਾਹ ਨਾਲ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਭਾਗ ਲਿਆ।

ਕੁਇਜ਼ ਮੁਕਾਬਲੇ ਦੌਰਾਨ ਵਿਦਿਆਰਥੀਆਂ ਤੋਂ ਆਮ ਗਿਆਨ, ਵਿਗਿਆਨ, ਇਤਿਹਾਸ ਅਤੇ ਮੌਜੂਦਾ ਘਟਨਾਵਾਂ ਨਾਲ ਸੰਬੰਧਿਤ ਪ੍ਰਸ਼ਨ ਪੁੱਛੇ ਗਏ, ਜਿਨ੍ਹਾਂ ਦੇ ਉੱਤਰ ਦੇ ਕੇ ਵਿਦਿਆਰਥੀਆਂ ਨੇ ਆਪਣੀ ਤੇਜ਼ ਸੋਚ ਅਤੇ ਸਮਝਦਾਰੀ ਦਾ ਪ੍ਰਦਰਸ਼ਨ ਕੀਤਾ। ਜਿਸ ਵਿੱਚ ਅਵਲੀਨ ਕੌਰ, ਸਾਹਿਬਨਪ੍ਰੀਤ ਕੌਰ, ਸਾਹਿਲਪ੍ਰੀਤ ਕੌਰ ਨੇ ਪਹਿਲਾ , ਅਬੀਜੋਤ ਕੌਰ , ਮਹਿਕਦੀਪ ਕੌਰ, ਗੁਰਪ੍ਰੀਤ ਸਿੰਘ ਨੇ ਦੂਜਾ ਅਤੇ ਅਨਮੋਲਪ੍ਰੀਤ ਕੌਰ,ਗੁਰਲੀਨ ਕੌਰ , ਉਂਕਾਰ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਭਾਸ਼ਣ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਸਿੱਖਿਆ ਦੀ ਮਹੱਤਤਾ, ਨੈਤਿਕ ਮੁੱਲਾਂ ਅਤੇ ਦੇਸ਼ ਦੀ ਤਰੱਕੀ ਵਿੱਚ ਨੌਜਵਾਨਾਂ ਦੀ ਭੂਮਿਕਾ ਵਰਗੇ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤੇ । ਜਿਸ ਵਿੱਚ ਦਮਨਪ੍ਰੀਤ ਕੌਰ ,ਸੰਦੀਪ ਕੌਰ, ਅਰਪਨਦੀਪ ਕੌਰ ਨੇ ਕ੍ਰਮਵਾਰ ਪਹਿਲਾ ,ਦੂਜਾ ਤੇ ਤੀਜਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ ਲੇਖਣ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਸਾਫ਼-ਸੁਥਰੀ ਤੇ ਸੁੰਦਰ ਲਿਖਤ ਰਾਹੀਂ ਜੱਜਾਂ ਨੂੰ ਪ੍ਰਭਾਵਿਤ ਕੀਤਾ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ. ਗੁਰਦੀਪ ਸਿੰਘ ਜਲਾਲ ਉਸਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਦੱਸਿਆ ਕਿ ਅਜਿਹੀਆਂ ਗਤੀਵਿਧੀਆਂ ਨਾਲ ਵਿਦਿਆਰਥੀਆਂ ਵਿੱਚ ਤਰਕਸ਼ੀਲ ਸੋਚ, ਨੇਤ੍ਰਤਵ ਗੁਣ ਅਤੇ ਬੋਲਣ-ਲਿਖਣ ਦੀ ਕਲਾ ਦਾ ਵਿਕਾਸ ਹੁੰਦਾ ਹੈ। ਉਨ੍ਹਾਂ ਅਧਿਆਪਕ ਵਰਗ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਮੁਕਾਬਲਿਆਂ ਵਿੱਚ ਸਰਗਰਮ ਭਾਗ ਲੈਣ ਲਈ ਪ੍ਰੇਰਿਤ ਕੀਤਾ ।ਉਪਰੰਤ ਜੇਤੂ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸਾਰੇ ਭਾਗੀਦਾਰਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ ।ਇਸ ਮੌਕੇ 'ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ , ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ.ਜਤਿੰਦਰ ਸ਼ਰਮਾ , ਸੁਖਦੇਵ ਸਿੰਘ, ਸੁਖਜੀਤ ਸਿੰਘ ਅਤੇ ਸਮੂਹ ਅਧਿਆਪਕ ਸਾਹਿਬਾਨ ਹਾਜ਼ਿਰ ਸਨ ।

# ਫ਼ਾਜ਼ਿਲਕਾ ਐੱਸਐੱਸਪੀ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਪੇਸ਼, ਸ੍ਰੀ ਦਰਬਾਰ ਸਾਹਿਬ ਪ੍ਰਕਰਮਾ 'ਚ ਪੁਲਿਸ ਕਾਰਵਾਈ ਲਈ ਕੀਤੀ ਖਿਮਾ ਜਾਚਨਾ



**ਨਵੀਂ ਦਿੱਲੀ, 12 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ)**:-ਬੀਤੇ ਦਿਨੀਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੀ ਪ੍ਰਕਰਮਾ ਵਿੱਚ ਪ੍ਰਬੰਧਕਾਂ ਦੀ ਆਗਿਆ ਤੋਂ ਬਿਨਾਂ ਪੁਲਿਸ ਕਾਰਵਾਈ ਕਰਕੇ ਦੋ ਵਿਅਕਤੀਆਂ ਨੂੰ ਚੁੱਕਣ ਦੇ ਮਾਮਲੇ ਵਿੱਚ ਅੱਜ ਫਾਜ਼ਿਲਕਾ ਜ਼ਿਲ੍ਹੇ ਦੇ ਸੀਨੀਅਰ ਪੁਲਿਸ ਕਪਤਾਨ ਸ. ਗੁਰਮੀਤ ਸਿੰਘ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਸ ਮਾਮਲੇ ਸਬੰਧੀ ਆਪਣਾ ਪੱਖ ਰੱਖਣ ਅਤੇ ਪੁਲਿਸ ਵੱਲੋਂ ਹੋਈ ਗਲਤੀ ਦੀ ਖਿਮਾ ਜਾਚਨਾ ਕਰਨ ਲਈ ਪੁੱਜੇ। ਇਸ ਮੌਕੇ ਐੱਸਐੱਸਪੀ ਸ. ਗੁਰਮੀਤ ਸਿੰਘ ਨੇ ਸਕੱਤਰੇਤ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਆਪਣਾ ਸਪੱਸ਼ਟੀਕਰਨ ਦਿੱਤਾ ਅਤੇ ਹੋਈ ਭੁੱਲ ਦੀ ਖਿਮਾ ਜਾਚਨਾ ਕੀਤੀ। ਇਸ ਸਬੰਧੀ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖਾਂ ਦਾ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਸ਼ਵ ਨੂੰ ਸਰਬ ਸਾਂਝੀਵਾਲਤਾ ਦਾ ਉਪਦੇਸ਼ ਦਿੰਦਾ ਹੈ ਅਤੇ ਇੱਥੋਂ ਦੇ ਚਾਰ ਦਰਵਾਜ਼ੇ ਹਰ ਮਨੁੱਖ ਲਈ ਖੁੱਲ੍ਹੇ ਹਨ। ਉਨ੍ਹਾਂ ਕਿਹਾ ਕਿ ਇੱਥੇ ਦੁਨੀਆ ਭਰ ਤੋਂ ਲੋਕ ਸ਼ਰਧਾ ਭਾਵਨਾ ਨਾਲ ਨਤਮਸਤਕ ਹੋਣ ਪੁੱਜਦੇ ਹਨ। ਉਨ੍ਹਾਂ ਕਿਹਾ ਕਿ ਫਾਜ਼ਿਲਕਾ ਦੇ ਐੱਸਐੱਸਪੀ ਸ. ਗੁਰਮੀਤ ਸਿੰਘ ਨੇ ਆਪਣਾ ਪੱਖ ਰੱਖਿਆ ਹੈ ਅਤੇ ਉਨ੍ਹਾਂ ਨੂੰ ਲਿਖਤੀ ਰੂਪ ਵਿੱਚ ਵੀ ਇਸ ਨੂੰ ਸੌਂਪਣ ਲਈ ਆਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸ. ਗੁਰਮੀਤ ਸਿੰਘ ਨੇ ਇਸ ਗੱਲ ਨੂੰ ਮਹਿਸੂਸ ਕੀਤਾ ਹੈ ਕਿ ਜਿਵੇਂ ਬੀਤੇ ਦਿਨੀਂ ਉਨ੍ਹਾਂ ਦੇ ਜ਼ਿਲ੍ਹੇ ਦੀ ਪੁਲਿਸ ਦੇ ਪੰਜ ਬੰਦੇ ਸ੍ਰੀ ਦਰਬਾਰ ਸਾਹਿਬ ਦੀ ਪ੍ਰਕਰਮਾ ਵਿੱਚ ਦਾਖਲ ਹੋਏ ਉਹ ਇਸ ਤਰ੍ਹਾਂ ਨਹੀਂ ਜਾਣੇ ਚਾਹੀਦੇ ਸਨ। ਪੁਲਿਸ ਵੱਲੋਂ ਇਹ ਭਰੋਸਾ ਦਿੱਤਾ ਗਿਆ ਹੈ ਕਿ ਭਵਿੱਖ ਵਿੱਚ ਅਜਿਹੀ ਗਲਤੀ ਦੁਬਾਰਾ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਕਦੇ ਵੀ ਅਜਿਹਾ ਕੁਝ ਨਹੀਂ ਵਾਪਰਨਾ ਚਾਹੀਦਾ ਜਿਸ ਨਾਲ ਇੱਥੋਂ ਦਾ ਮਾਹੌਲ ਖਰਾਬ ਹੋਵੇ ਅਤੇ ਸੰਗਤ ਦੀਆਂ ਭਾਵਨਾਵਾਂ ਨੂੰ ਸੱਟ ਵੱਜੇ।

# ਡੀਜੀਪੀ ਪੰਜਾਬ ਵੱਲੋਂ ਹਥਿਆਰਾਂ ਦੇ ਲਾਇਸੰਸ ਘਟਾਉਣ ਦੇ ਫੈਸਲੇ ਦੀ ਇੰਦਰਜੀਤ ਸਿੰਘ ਉਦਾਸੀਨ ਵੱਲੋਂ ਸ਼ਲਾਘਾ

**ਚੌਂਕ ਮਹਿਤਾ, 12 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਵੱਲੋਂ ਸਮਾਜ ਵਿਰੋਧੀ ਤੱਤਾਂ ਦੀ ਪਛਾਣ ਕਰਕੇ ਵੱਡੇ ਪੱਧਰ 'ਤੇ ਹਥਿਆਰਾਂ ਦੇ ਲਾਇਸੰਸ ਰੱਦ ਕਰਨ ਦੇ ਫੈਸਲੇ ਦੀ ਭਰਪੂਰ ਸਲਾਘਾ ਕਰਦਿਆਂ ਸਮਾਜ ਸੇਵਕ ਇੰਦਰਜੀਤ ਸਿੰਘ ਉਦਾਸੀਨ ਨੇ ਕਿਹਾ ਕਿ ਇਹ ਕਦਮ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜਬੂਤ ਕਰਨ ਵੱਲ ਇੱਕ ਬਹੁਤ ਹੀ ਸ਼ਲਾਘਾਯੋਗ ਅਤੇ ਦੂਰਦਰਸੀ ਫੈਸਲਾ ਹੈ ਇੰਦਰਜੀਤ ਸਿੰਘ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਕਈ ਸਮਾਜ ਵਿਰੋਧੀ ਤੱਤ ਕਾਨੂੰਨੀ ਹਥਿਆਰਾਂ ਦਾ ਗਲਤ ਇਸਤੇਮਾਲ ਕਰਕੇ ਆਮ ਲੋਕਾਂ ਵਿੱਚ ਡਰ ਅਤੇ ਅਸਾਂਤੀ ਦਾ ਮਾਹੌਲ ਪੈਦਾ ਕਰ ਰਹੇ ਸਨ। ਡੀਜੀਪੀ ਪੰਜਾਬ ਪੁਲਿਸ ਵੱਲੋਂ ਅਜਿਹੇ ਤੱਤਾਂ ਦੀ ਪਛਾਣ ਕਰਕੇ ਉਨ੍ਹਾਂ ਦੇ ਹਥਿਆਰ ਲਾਇਸੰਸ ਰੱਦ ਕਰਨਾ ਲੋਕ-ਹਿੱਤ ਵਿੱਚ ਚੁੱਕਿਆ ਗਿਆ ਇੱਕ ਮਜਬੂਤ ਕਦਮ ਹੈ, ਜਿਸ ਨਾਲ ਅਪਰਾਧਿਕ ਗਤੀਵਿਧੀਆਂ 'ਤੇ ਨਕੇਲ ਕੱਸੀ ਜਾ ਸਕੇਗੀ ਇਸ ਦੇ ਨਾਲ ਹੀ ਉਨ੍ਹਾਂ ਵਲੋਂ ਡੀਜੀਪੀ ਪੰਜਾਬ ਪੁਲਿਸ ਨੂੰ ਅਪੀਲ ਕੀਤੀ ਕਿ ਇਸ ਕਾਰਵਾਈ ਦੌਰਾਨ ਇਹ ਯਕੀਨੀ ਬਣਾਇਆ ਜਾਵੇ ਕਿ ਕਾਨੂੰਨ ਦੀ ਪਾਲਣਾ ਕਰਨ ਵਾਲੇ ਹਥਿਆਰ ਧਾਰਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸਾਨੀ ਨਾ ਹੋਵੇ। ਖਾਸ ਕਰਕੇ ਉਹ ਲੋਕ ਜੋ ਸਮਾਜ ਵਿਰੋਧੀ ਤੱਤਾਂ ਵੱਲੋਂ ਧਮਕੀਆਂ ਦਾ ਸਾਹਮਣਾ ਕਰ ਰਹੇ ਹਨ ਜਾਂ ਜਿਨ੍ਹਾਂ ਦੀ ਜਾਨ-ਮਾਲ ਦੀ ਸੁਰੱਖਿਆ ਲਈ ਹਥਿਆਰਾਂ ਦਾ ਲਾਇਸੰਸ ਲਾਜਮੀ ਹੈ, ਉਨ੍ਹਾਂ ਨੂੰ ਇਸ ਪ੍ਰਕਿਰਿਆ ਵਿੱਚ ਪ੍ਰਭਾਵਿਤ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਾਂਤੀ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਅਜਿਹੇ ਕਦਮ ਬਹੁਤ ਜਰੂਰੀ ਹਨ।







ਜਨਮ ਦਿਨ ਮੁਬਾਰਕ

ਸਰਗੁਣ ਸਿੰਘ
ਮਾਤਾ ਮਨਜੋਤ ਕੌਰ ਪਿਤਾ
ਪ੍ਰਿਤਪਾਲ ਸਿੰਘ ਵਾਸੀ ਅੰਮ੍ਰਿਤਸਰ

ਆਵਾਜ਼ਿ ਕੌਮ AWAZE QAUM International Newspaper & WEB TV

### ਕੌਮੀ ਮੰਜਿਲ ਖ਼ਾਲਿਸਤਾਨ ਕਾਇਮ ਕਰਦੇ ਹੋਏ

# 'ਸਰਬੱਤ ਦੇ ਭਲੇ' ਦੇ ਮਨੁੱਖਤਾ ਪੱਖੀ ਮਿਸਨ ਨੂੰ ਮੁੱਖ ਰੱਖਿਆ ਜਾਵੇਗਾ : ਮਾਨ

**ਨਵੀਂ ਦਿੱਲੀ, 12 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆ ਦੇ 'ਜਨਮ ਦਿਹਾੜੇ ਨੂੰ ਸਮਰਪਿਤ ਫ਼ਤਹਿਗੜ੍ਹ ਸਾਹਿਬ ਵਿਖੇ ਹੋਏ ਭਰਵੇ ਵਿਸਾਲ ਇਕੱਠ ਨੂੰ ਸੁਬੋਧਨ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਨੇ ਪਾਰਟੀ ਵੱਲੋ ਸਮੁੱਚੀ ਮਨੁੱਖਤਾ ਨੂੰ ਸੰਦੇਸ਼ ਦਿੰਦੇ ਹੋਏ ਕਿਹਾ ਕਿ ਸੰਤ ਜੀ ਨੇ ਜਿਸ ਕੌਮੀ ਮਿਸਨ ਦੀ ਪ੍ਰਾਪਤੀ ਲਈ ਲੰਮਾਂ ਸਮਾਂ ਸੰਘਰਸ਼ ਕਰਦੇ ਹੋਏ ਮਹਾਨ ਸ਼ਹਾਦਤ ਦਿੱਤੀ, ਉਸਦਾ ਮਕਸਦ ਬਿਨ੍ਹਾਂ ਕਿਸੇ ਭੇਦਭਾਵ ਦੇ ਸਮੁੱਚੀ ਮਨੁੱਖਤਾ ਦੀ ਬਰਾਬਰਤਾ ਦੇ ਆਧਾਰ ਤੇ ਅਜਿਹਾ ਖ਼ਾਲਸਾ ਰਾਜ ਕਾਇਮ ਕਰਨਾ ਹੈ ਜਿਸ ਵਿਚ ਸਭਨਾਂ ਨਿਵਾਸੀਆਂ ਨੂੰ ਬਰਾਬਰਤਾ ਦੇ ਹੱਕ ਅਧਿਕਾਰ ਪ੍ਰਦਾਨ ਹੋਣਗੇ ਅਤੇ ਇਹ ਖ਼ਾਲਸਾ ਰਾਜ ਮਾਨਸਿ ਕੀ ਜਾਤਿ ਸਭੈ ਏਕੋ ਪਹਿਚਾਨਬੋ ਵਾਲੀ ਸਰਬੱਤ ਦੇ ਭਲੇ ਵਾਲੀ ਸੋਚ ਤੇ ਹੋਵੇਗਾ। ਕਿਸੇ ਵੀ ਨਾਗਰਿਕ, ਕੌਮ, ਧਰਮ, ਫਿਰਕੇ, ਕਬੀਲੇ ਵਿਚ ਕਿਸੇ ਤਰ੍ਹਾਂ ਦਾ ਵੀ ਕੋਈ ਵਿਤਕਰਾ, ਬੇਇਨਸਾਫ਼ੀ ਹੋਣ ਦੀ ਕੋਈ ਗੁਜਾਇਸ ਹੀ ਨਹੀ ਹੋਵੇਗੀ । ਅਸਲੀਅਤ ਵਿਚ ਭਗਤ ਰਵੀਦਾਸ ਜੀ ਵੱਲੋ ਆਪਣੇ ਮੁਖਾਰਬਿੰਦ ਤੋਂ 'ਹਲੀਮੀ ਰਾਜ' ਸੰਬੰਧੀ ਦਿੱਤੀ ਗਈ ਅਗਵਾਈ ਦੀ ਦਿਸ਼ਾ ਨਿਰਦੇਸ ਵਿਚ ਹੀ ਕਾਇਮ ਹੋਵੇਗਾ । ਮੰਨੂਸਮ੍ਰਿਤੀ ਦੀ ਜੋ ਪੱਖਪਾਤੀ ਮੌਜੂਦਾ ਹੁਕਮਰਾਨਾਂ ਦੀ ਸੋਚ ਅਧੀਨ ਵੰਡੀਆ ਪਾ ਕੇ, ਨਫਰਤ ਪੈਦਾ ਕਰਕੇ ਪਾੜੋ ਅਤੇ ਰਾਜ ਕਰੋ ਦੀ ਸੋਚ ਅਧੀਨ ਹਕੂਮਤ ਚਲਾਈ ਜਾ ਰਹੀ ਹੈ, ਇਸਦਾ ਖਾਤਮਾ ਕਰਕੇ ਮਹਾਰਾਜਾ ਰਣਜੀਤ ਸਿੰਘ ਜੀ ਦੇ ਸਮੇ ਦੇ ਅਨੁਕੂਲ ਹੀ ਇਕ ਅੱਖ ਨਾਲ ਦੇਖਣ ਵਾਲਾ ਫ਼ਖ਼ਰ ਵਾਲਾ ਰਾਜ ਪ੍ਰਬੰਧ ਕਾਇਮ ਹੋਵੇਗਾ । ਸਭਨਾਂ ਨੂੰ ਸਹੀ ਸਮੇ ਤੇ ਇਨਸਾਫ ਪ੍ਰਾਪਤ ਹੋਵੇਗਾ । ਸਭਨਾਂ ਦੀ ਕੀਮਤੀ ਜਿੰਦਗੀ ਨੂੰ ਸੁਰੱਖਿਅਤ ਕਰਨਾ ਹਕੂਮਤ ਦੀ ਜਿੰਮੇਵਾਰੀ ਹੋਵੇਗੀ । ਸਿਹਤ, ਵਿਦਿਆ, ਰੁਜਗਾਰ ਅਤੇ ਹੋਰ ਜਨਤਾ ਲਈ ਵਿਕਾਸ ਦੇ ਕੰਮਾਂ ਨੂੰ ਮੁੱਖ ਤੌਰ ਤੇ ਪਹਿਲ ਦਿੱਤੀ ਜਾਵੇਗੀ । ਇਸ ਰਾਜ ਭਾਗ ਵਿਚ ਉਸੇ ਤਰ੍ਹਾਂ ਦੀ ਸੋਚ ਨੂੰ ਅਮਲੀ ਰੂਪ ਵਿਚ ਲਾਗੂ ਕੀਤਾ ਜਾਵੇਗਾ ਜਿਵੇ ਭਾਈ ਘਨੱਈਆ ਜੀ ਵੱਲੋ ਜਦੋ ਆਪਣੀ ਸੇਵਾ ਕਰਦੇ ਹੋਏ ਜੰਗ ਵਿਚ ਫੱਟੜਾਂ ਨੂੰ ਪਾਣੀ ਪਿਲਾਇਆ ਜਾ ਰਿਹਾ ਸੀ, ਤਾਂ ਉਨ੍ਹਾਂ ਵੱਲੋ ਦੁਸਮਣ ਦੇ ਸਿਪਾਹੀਆਂ ਨੂੰ ਵੀ ਪਾਣੀ ਪਿਲਾਉਣ ਦੇ ਅਮਲ ਸਾਹਮਣੇ ਆਏ ਸਨ ਅਤੇ ਉਨ੍ਹਾਂ ਦੀ ਸਿਕਾਇਤ ਹੋਣ ਤੇ ਜਦੋ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਇਸ ਸੰਬੰਧੀ ਪੁੱਛਿਆਂ ਤਾਂ ਭਾਈ ਘਨੱਈਆ ਜੀ ਦਾ ਜੁਆਬ ਸੀ ਕਿ ਮੈਂ ਤਾਂ ਸੇਵਾ ਕਰਦੇ ਹੋਏ ਸਭਨਾਂ ਇਨਸਾਨਾਂ ਵਿਚ ਆਪ ਜੀ ਦਾ ਹੀ ਰੂਪ ਦਿਖਾਈ ਦੇ ਰਿਹਾ ਹੈ । ਮੈਨੂੰ ਕੋਈ ਦੁਸਮਣ ਦਿਖਾਈ ਨਹੀ ਦੇ ਰਿਹਾ । ਦਸਮ ਪਿਤਾ ਨੇ ਖੁਸ਼ ਹੋ ਕੇ ਕਿਹਾ ਕਿ ਪਾਣੀ ਪਿਲਾਉਣ ਦੇ ਨਾਲ-ਨਾਲ ਮੱਲ੍ਹਮ ਅਤੇ ਪੱਟੀ ਦੀ ਸੇਵਾ ਵੀ ਕੀਤੀ ਜਾਵੇ । ਸਰਬੱਤ ਦੇ ਭਲੇ ਦਾ ਮਿਸਨ ਸਾਡੇ ਖਾਲਸਾ ਰਾਜ ਦਾ ਮੁੱਖ ਮਕਸਦ ਹੋਵੇਗਾ । ਅੱਜ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆ ਦੇ ਜਨਮ ਦਿਹਾੜੇ ਦੇ ਸਮਾਗਮ ਵਿਚ ਪਹੁੰਚੀਆ ਸੰਗਤਾਂ ਅਤੇ ਸਮੁੱਚੀ ਮਨੁੱਖਤਾ ਨੂੰ ਉਪਰੋਕਤ ਸਖਸੀਅਤ ਦੇ ਜਨਮ ਦਿਹਾੜੇ ਦੀ ਵਧਾਈ ਦਿੰਦੇ ਹੋਏ ਅਤੇ ਉਨ੍ਹਾਂ ਵੱਲੋ ਕਾਇਮ ਕੀਤੇ ਗਏ ਸਿਧਾਂਤਾਂ ਤੇ ਸੋਚ ਉਤੇ ਦ੍ਰਿੜਤਾ ਨਾਲ ਪਹਿਰਾ ਦੇਣ ਦੀ ਗੱਲ ਕਰਦੇ ਹੋਏ ਕਿਹਾ ਕਿ ਜਦੋ ਅਸੀ ਆਪਣੇ ਕੌਮੀ ਮਿਸਨ ਵੱਲ ਅਡੋਲ ਵੱਧ ਰਹੇ ਹਾਂ। ਇਸ ਲਈ ਸਾਡੀ ਅੱਜ ਦੇ ਇਸ ਮਹਾਨ ਦਿਹਾੜੇ ਤੇ ਸਮੁੱਚੀ ਮਨੁੱਖਤਾ ਤੇ ਸਿੱਖ ਕੌਮ ਦੇ ਬੱਚੇ-ਬੱਚੀਆਂ ਨੂੰ ਇਹ ਅਪੀਲ ਹੈ ਕਿ ਜਿਸ ਫਤਹਿਗੜ੍ਹ ਸਾਹਿਬ ਦੀ ਮਹਾਨ ਪਵਿੱਤਰ ਧਰਤੀ ਤੇ ਸਾਡੇ ਛੋਟੇ ਸਾਹਿਬਜਾਦਿਆ ਬਾਬਾ ਜੋਰਾਵਰ ਸਿੰਘ, ਬਾਬਾ ਫਤਹਿ ਸਿੰਘ ਨੇ ਸਿੱਖੀ ਨੂੰ ਕਾਇਮ ਰੱਖਦੇ ਹੋਏ ਸ਼ਹਾਦਤਾਂ ਦੇ ਕੇ ਸਾਨੂੰ ਸਮੁੱਚੇ ਸੰਸਾਰ ਵਿਚ ਸਰਦਾਰੀ ਬਖਸੀ ਹੈ ਅਤੇ ਵੱਡੇ ਫਖਰ ਵਾਲੇ ਮਾਣ ਇੱਜਤ ਬਖਸਿਸ ਕੀਤੇ ਹਨ, ਉਸ ਨੂੰ ਸਾਡੀ ਆਉਣ ਵਾਲੀ ਪਨੀਰੀ ਕਾਇਮ ਰੱਖੇਗੀ । ਅੱਜ ਦੇ ਇਸ ਜਨਮ ਦਿਹਾੜੇ ਮਨਾਉਣ ਦੇ ਇਕੱਠ ਵਿਚ 17 ਮਤੇ ਸਰਬਸੰਮਤੀ ਨਾਲ ਜੈਕਾਰਿਆ ਦੀ ਗੂੰਜ ਵਿਚ ਪਾਸ ਕੀਤੇ ਗਏ ਜਿਸ ਵਿਚ ਬਾਹਰਲੇ ਮੁਲਕਾਂ ਅਤੇ ਇੰਡੀਆ ਵਿਚ ਸਿੱਖਾਂ ਨੂੰ ਕਤਲ ਕਰਨ ਵਾਲੇ ਹੁਕਮਰਾਨਾਂ ਨੂੰ ਕੌਮਾਂਤਰੀ ਕਾਨੂੰਨਾਂ ਅਨੁਸਾਰ ਸਜ਼ਾ ਮਿਲੇ, ਇਰਾਨ-ਅਮਰੀਕਾ ਵਿਚ ਵੱਧਦੀ ਤਲਖੀ ਅਤੇ ਸੰਸਾਰ ਜੰਗ ਦੇ ਪੈਦਾ ਹੋ ਰਹੇ ਹਾਲਾਤਾਂ ਨੂੰ ਰੋਕਣ ਲਈ ਸਭ ਮੁਲਕਾਂ ਦੀਆਂ ਸਖਸ਼ੀਅਤਾਂ ਸਾਂਝਾ ਉੱਦਮ ਕਰਨ, ਇੰਡੀਅਨ ਆਰਮੀ ਵਿਚ ਸਿੱਖ ਰੈਜਮੈਂਟ ਨੂੰ ਖਤਮ ਕਰਕੇ ਭੈਰਵ ਬਟਾਲੀਅਨ ਬਣਾਉਣ ਦੇ ਹਿੰਦੂਤਵ ਮਨਸੂਬਿਆ ਨੂੰ ਸਿੱਖ ਕੌਮ ਕਤਈ ਪ੍ਰਵਾਨ ਨਹੀ ਕਰ ਸਕਦੀ, ਚੰਡੀਗੜ੍ਹ ਹਵਾਈ ਅੱਡੇ ਦਾ ਨਾਮ ਇਤਿਹਾਸਿਕ ਮਹੱਤਤਾ ਨੂੰ ਮੁੱਖ ਰੱਖਕੇ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਤੇ ਰੱਖਿਆ ਜਾਵੇ, ਜੋ ਇੰਡੀਅਨ ਵਿਧਾਨ ਸਿੱਖਾਂ ਨੂੰ ਜ਼ਬਰੀ ਹਿੰਦੂ ਕਰਾਰ ਦਿੰਦਾ ਹੈ ਅਤੇ ਸਾਡੇ ਹੱਕਾਂ ਦੀ ਰਾਖੀ ਨਹੀ ਕਰਦਾ, ਉਹ ਸਾਨੂੰ ਬਿਲਕੁਲ ਪ੍ਰਵਾਨ ਨਹੀ, ਸੈਂਟਰ ਦੀ ਮੋਦੀ ਸਰਕਾਰ ਵੱਲੋ ਪਾਸ ਕੀਤੇ ਗਏ ਬਜਟ ਵਿਚ ਪੰਜਾਬ ਨੂੰ ਨਜਰਅੰਦਾਜ ਕਰਨਾ ਵਿਤਕਰੇ ਭਰੀ ਕਾਰਵਾਈ, ਕਸਮੀਰ ਦੀ 2019 ਵਿਚ ਰੱਦ ਕੀਤੀ ਗਈ ਖੁਦਮੁਖਤਿਆਰੀ ਤੁਰੰਤ ਬਹਾਲ ਕੀਤੀ ਜਾਵੇ, ਹਿਮਾਚਲ, ਹਰਿਆਣਾ ਅਤੇ ਪੰਜਾਬ ਨੂੰ ਇਕ ਕਰਕੇ ਖੁਦਮੁਖਤਿਆਰ ਸਟੇਟ ਕਾਇਮ ਹੋਵ, ਲਦਾਖ ਦਾ ਜੋ ਇਲਾਕਾ ਸਿੱਖ ਬਾਦਸਾਹੀ ਦਾ ਹਿੱਸਾ ਹੈ, ਉਸ ਸੰਬੰਧੀ ਚੀਨ ਵੱਲੋ ਗੱਲਬਾਤ ਕਰਦੇ ਹੋਏ ਇਸ ਗੱਲਬਾਤ ਵਿਚ ਸਿੱਖ ਨੁਮਾਇੰਦਾ ਸਾਮਿਲ ਕੀਤਾ ਜਾਵੇ, ਪੰਜਾਬ ਦੀ ਮਾਲੀ ਅਤੇ ਸਮਾਜਿਕ ਹਾਲਤ ਨੂੰ ਬਿਹਤਰ ਕਰਨ ਲਈ ਪੰਜਾਬ ਨਾਲ ਲੱਗਦੀਆਂ ਸਰਹੱਦਾਂ ਨੂੰ ਕੌਮਾਂਤਰੀ ਵਪਾਰ ਲਈ ਖੋਲ੍ਹਿਆ ਜਾਵੇ, ਪੰਜਾਬ ਸੂਬੇ ਅਤੇ ਇੰਡੀਆਂ ਦੀ ਕਾਨੂੰਨੀ ਵਿਵਸਥਾਂ ਅਤਿ ਚਿੰਤਾਜਨਕ, ਆਪੋ-ਆਪਣੇ ਸਿਧਾਤਾਂ ਤੇ ਸੋਚ ਨੂੰ ਕਾਇਮ ਰੱਖਕੇ ਸੂਬੇ ਦੀ ਬਿਹਤਰੀ ਲਈ ਸਭ ਧੜੇ, ਸਮੁੱਚੀ ਪੰਥਕ ਏਕਤਾ ਕਰਨ, ਸਿੱਖ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੂੰ ਕਕਾਰਾਂ ਸਹਿਤ ਪ੍ਰੀਖਿਆਵਾਂ ਵਿਚ ਸਾਮਿਲ ਨਾ ਹੋਣ ਦੇਣਾ ਨਿੰਦਣਯੋਗ, ਐਸ.ਜੀ.ਪੀ.ਸੀ. ਦੀ ਜਰਨਲ ਚੋਣ ਕਰਵਾਕੇ ਤੁਰੰਤ ਸਿੱਖ ਕੌਮ ਦੀ ਜਮਹੂਰੀਅਤ ਬਹਾਲ ਕੀਤੀ ਜਾਵੇ, ਰੀਪੇਰੀਅਨ ਕਾਨੂੰਨ ਅਨੁਸਾਰ ਪੰਜਾਬ ਦੇ ਦਰਿਆਵਾ ਅਤੇ ਨਹਿਰਾਂ ਦੇ ਪਾਣੀ ਪੰਜਾਬ ਦੇ ਹਵਾਲੇ ਕੀਤੇ ਜਾਣ, ਪੰਜਾਬ ਵਿਚ ਆਉਣ ਵਾਲੇ ਪ੍ਰਵਾਸੀਆ ਦੇ ਵੋਟਰ, ਰਾਸਨ ਕਾਰਡ ਨਾ ਬਣਾਉਦੇ ਹੋਏ ਉਨ੍ਹਾਂ ਨੂੰ ਇਥੇ ਜਮੀਨ ਜਾਇਦਾਦ ਖਰੀਦਣ ਦੇ ਅਧਿਕਾਰ ਤੇ ਪਾਬੰਦੀ ਲੱਗੇ, ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਨੂੰ ਦਰਪੇਸ਼ ਆ ਰਹੇ ਸਭ ਮਸਲਿਆ ਦਾ ਇਕੋ-ਇਕ ਹੱਲ ਜ਼ਮਹੂਰੀਅਤ ਲੀਹਾਂ ਉਤੇ ਖ਼ਾਲਿਸਤਾਨ ਕਾਇਮ ਕਰਨਾ ਸੰਬੰਧ ਵਿਚ ਜੈਕਾਰਿਆ ਦੀ ਗੂੰਜ ਵਿਚ ਮਤੇ ਪਾਸ ਕੀਤੇ ਗਏ । ਅੱਜ ਦੀ ਸਟੇਜ ਦੇ ਪ੍ਰਬੰਧਕਾਂ ਵੱਲੋ ਇਸ ਮਹਾਨ ਦਿਹਾੜੇ ਤੇ ਵੱਡੀ ਗਿਣਤੀ ਵਿਚ ਪਹੁੰਚਣ ਲਈ ਸਿੱਖ ਸੰਗਤਾਂ ਤੇ ਪੰਜਾਬੀਆਂ ਦਾ ਧੰਨਵਾਦ ਕਰਨ ਦੇ ਨਾਲ-ਨਾਲ, ਡਿਪਟੀ ਕਮਿਸਨਰ ਫਤਹਿਗੜ੍ਹ ਸਾਹਿਬ, ਐਸ.ਐਸ.ਪੀ ਫਤਹਿਗੜ੍ਹ ਸਾਹਿਬ ਸਮੁੱਚੇ ਪ੍ਰਸ਼ਾਸ਼ਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਦੇਸ਼ਾਂ ਤੇ ਫਤਹਿਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ ਸਮੁੱਚੇ ਸਟਾਫ, ਹੈੱਡਗ੍ਰੰਥੀ, ਸਭਨਾਂ ਦਾ ਤਹਿ ਦਿਲੋ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ ਗਿਆ । ਅੱਜ ਦੇ ਇਸ ਸਮਾਗਮ ਵਿਚ ਸਾਮਿਲ ਹੋਣ ਵਾਲਿਆ ਵਿਚ ਸ. ਸਿਮਰਨਜੀਤ ਸਿੰਘ ਮਾਨ ਤੋ ਇਲਾਵਾ, ਸ. ਇਮਾਨ ਸਿੰਘ ਮਾਨ, ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ, ਸਿਆਸੀ ਤੇ ਮੀਡੀਆ ਸਲਾਹਕਾਰ, ਮਾਸਟਰ ਕਰਨੈਲ ਸਿੰਘ ਨਾਰੀਕੇ ਸਮੇਤ ਵੱਡੀ ਗਿਣਤੀ ਵਿਚ ਆਗੂ ਸਾਮਿਲ ਸਨ।




### ਪੰਜਾਬ ਸਰਕਾਰ ਦੀ ਬੀਮਾ ਯੋਜਨਾ ਫੇਲ ਸਾਬਤ ਹੋਵੇਗੀ : ਹਰਦੀਪ ਗਿੱਲ

# ਕਾਂਗਰਸ ਤੇ ਅਕਾਲੀ ਆਗੂ ਪਾਰਟੀ ਛੱਡ ਭਾਜਪਾ ਵਿੱਚ ਸ਼ਾਮਿਲ



ਜੰਡਿਆਲਾ ਗੁਰੂ,12 ਫਰਵਰੀ ( ਕੁਲਵੰਤ ਸਿੰਘ ਵਿਰਦੀ )- ਭਾਰਤੀ ਜਨਤਾ ਪਾਰਟੀ ਹੀ ਪੰਜਾਬ ਵਿੱਚ ਵਿਗੜੀ ਕਾਨੂੰਨ ਵਿਵਸਥਾ ਨੂੰ ਲੀਹੇ ਪਾ ਸਕਦੀ ਹੈ। ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਅੰਮ੍ਰਿਤਸਰ ਦਿਹਾਤੀ ਦੇ ਜਿਲਾ ਪ੍ਰਧਾਨ ਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਕੀਤਾ। ਇਸ ਮੌਕੇ ਪਿੰਡ ਛੀਨਾ ਤੋਂ ਕਾਂਗਰਸੀ ਆਗੂ ਗੁਰਮੇਜ ਸਿੰਘ ਅਤੇ ਪਿੰਡ ਰਾਏਪੁਰ ਕਲਾਂ ਤੋਂ ਨੌਜਵਾਨ ਅਕਾਲੀ ਆਗੂ ਜਸਮੀਤ ਸਿੰਘ ਥਿੰਦ ਨੂੰ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਕਰਦਿਆਂ ਉਹਨਾਂ ਆਖਿਆ ਕਿ ਭਾਰਤੀ ਜਨਤਾ ਪਾਰਟੀ ਹਰ ਵਰਗ ਦੀ ਪਹਿਲੀ ਪਸੰਦ ਵਜੋਂ ਉਭਰ ਕੇ ਸਾਹਮਣੇ ਆਈ ਹੈ। ਹਰਦੀਪ ਸਿੰਘ ਗਿੱਲ ਨੇ ਸ਼ਾਮਿਲ ਹੋਣ ਵਾਲੇ ਆਗੂਆਂ ਨੂੰ ਸਿਰੋਪੇ ਪਾ ਕੇ ਪਾਰਟੀ ਵਿੱਚ ਸ਼ਾਮਿਲ ਕੀਤਾ ਅਤੇ ਹਰ ਤਰ੍ਹਾਂ ਦੇ ਮਾਨ ਸਨਮਾਨ ਦਾ ਭਰੋਸਾ ਦਵਾਇਆ। ਉਹਨਾਂ ਆਖਿਆ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਹੜਾਂ ਦੌਰਾਨ ਨੁਕਸਾਨ ਦੀ ਭਰਪਾਈ ਲਈ ਪੰਜਾਬ ਦੀ ਖੁੱਲੇ ਦਿਲ ਨਾਲ ਮਦਦ ਦਿੱਤੀ ਪਰ ਪੰਜਾਬ ਸਰਕਾਰ ਇਸ ਮਦਦ ਨੂੰ ਲੋੜਵੰਦ ਲੋਕਾਂ ਤੱਕ ਨਹੀਂ ਪਹੁੰਚਾ ਸਕੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਦੀਆਂ ਸਹੂਲਤਾਂ 'ਤੇ ਆਪਣੇ ਸਟੀਕਰ ਲਗਾ ਰਹੀ ਹੈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 10 ਲੱਖ ਬੀਮਾ ਯੋਜਨਾ ਪੂਰੀ ਤਰ੍ਹਾਂ ਫੇਲ ਸਾਬਤ ਹੋਵੇਗੀ ਕਿਉਂਕਿ ਯੋਜਨਾ ਦਾ ਬਜਟ ਪੰਜਾਬ ਸਰਕਾਰ ਪੂਰਾ ਨਹੀਂ ਕਰ ਸਕਦੀ। ਉਹਨਾਂ ਕਿਹਾ ਕਿ ਮਹਿਲਾਵਾਂ ਨੂੰ ਵੀ ਪੰਜਾਬ ਦੀ ਮੌਜੂਦਾ ਸਰਕਾਰ ਨੇ ਲਾਰੇ ਲੱਪੇ ਲਗਾ ਕੇ ਵੋਟਾਂ ਬਟੋਰੀਆਂ ਜਦ ਕਿ ਅੱਜ ਚਾਰ ਸਾਲ ਹੋਣ ਦੇ ਬਾਵਜੂਦ ਵੀ ਇਕ ਹਜ਼ਾਰ ਰੁਪਏ ਦਾ ਵਾਅਦਾ ਪੂਰਾ ਨਹੀਂ ਹੋ ਸਕਿਆ ਜਦ ਕਿ ਦਿੱਲੀ ਅਤੇ ਹਰਿਆਣਾ ਵਿੱਚ ਭਾਜਪਾ ਦੀ ਸਰਕਾਰ ਨੇ ਸਰਕਾਰ ਬਣਦਿਆਂ ਹੀ ਮਾਵਾਂ ਭੈਣਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ। ਸ਼ਾਮਿਲ ਹੋਣ ਵਾਲੇ ਆਗੂਆਂ ਜਸਮੀਤ ਸਿੰਘ ਥਿੰਦ ਅਤੇ ਗੁਰਮੇਜ ਸਿੰਘ ਨੇ ਕਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਲੋਕ ਭਲਾਈ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਉਹ ਭਾਜਪਾ ਵਿੱਚ ਸ਼ਾਮਿਲ ਹੋਏ ਹਨ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਨੰਬਰਦਾਰ ਗੁਰਦਿਆਲ ਸਿੰਘ, ਸਰਕਲ ਮੀਤ ਪ੍ਰਧਾਨ ਸੁਰਜੀਤ ਸਿੰਘ ਰਾਏਪੁਰ, ਸੁਖਰਾਜ ਸਿੰਘ ਛੀਨਾ, ਕੁਲਵੰਤ ਸਿੰਘ ਵੀ ਹਾਜ਼ਰ ਸਨ।

# ਪ੍ਰੋ. ਭੁੱਲਰ ਦੀ ਪਟੀਸ਼ਨ ਰੱਦ ਹੋਣ 'ਤੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਵੱਲੋਂ ਤਿੱਖਾ ਪ੍ਰਤੀਕਰਮ —-ਬੰਦੀ ਸਿੰਘ ਜਲਦੀ ਰਿਹਾ ਕੀਤੇ ਜਾਣ

**ਚੰਡੀਗੜ੍ਹ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਦਿੱਲੀ ਸਰਕਾਰ ਵੱਲੋਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਨੂੰ ਮੁੜ ਰੱਦ ਕਰਨ ਦੀ ਸਖ਼ਤ ਨਿਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਵਿਅਕਤੀ ਦਾ ਮਾਮਲਾ ਨਹੀਂ, ਸਗੋਂ ਸਮੂਹ



ਬੰਦੀ ਸਿੰਘਾਂ ਨਾਲ ਹੋ ਰਹੀ ਬੇਇਨਸਾਫ਼ੀ ਦੀ ਇੱਕ ਹੋਰ ਮਿਸਾਲ ਹੈ। ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ: ਸਰਦਾਰ ਪੀਰ ਮੁਹੰਮਦ ਨੇ ਵਿਸ਼ੇਸ਼ ਤੌਰ 'ਤੇ ਹੇਠ ਲਿਖੇ ਨਾਮਾਂ ਦਾ ਹਵਾਲਾ ਦਿੰਦਿਆਂ ਸਰਕਾਰ ਦੀ ਨੀਅਤ 'ਤੇ ਸਵਾਲ ਚੁੱਕੇ: ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ: 33 ਸਾਲਾਂ ਦੀ ਲੰਬੀ ਸਜ਼ਾ ਦੇ ਬਾਵਜੂਦ ਰਿਹਾਈ ਤੋਂ ਇਨਕਾਰ ਕਰਨਾ ਮਨੁੱਖੀ ਅਧਿਕਾਰਾਂ ਦਾ ਘਾਣ ਹੈ। ਭਾਈ ਜਗਤਾਰ ਸਿੰਘ ਹਵਾਰਾ ਅਤੇ ਭਾਈ ਬਲਵੰਤ ਸਿੰਘ ਰਾਜੋਆਣਾ: ਉਹ ਸਿੰਘ ਜੋ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਅਜੇ ਵੀ ਜੇਲ੍ਹਾਂ ਵਿੱਚ ਡੱਕ ਕੇ ਰੱਖਣਾ ਲੋਕਤੰਤਰ ਦਾ ਮਜ਼ਾਕ ਹੈ। ਭਾਈ ਅੰਮ੍ਰਿਤਪਾਲ ਸਿੰਘ: ਉਨ੍ਹਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਹੋਰ ਸਾਥੀਆਂ 'ਤੇ ਲਗਾਏ ਗਏ ਐਨ.ਐਸ.ਏ. ਅਤੇ ਉਨ੍ਹਾਂ ਨੂੰ ਪੰਜਾਬ ਤੋਂ ਬਾਹਰ ਡਿਬਰੂਗੜ੍ਹ ਜੇਲ੍ਹ ਵਿੱਚ ਰੱਖਣ ਨੂੰ ਵੀ ਸਿਆਸੀ ਵਿਤਕਰਾ ਕਰਾਰ ਦਿੱਤਾ।

ਮੁੱਖ ਇਤਰਾਜ਼: ਦੋਹਰੇ ਕਾਨੂੰਨ: ਇਕ ਪਾਸੇ ਸਰਕਾਰ ਹੋਰਨਾਂ ਕੈਦੀਆਂ ਨੂੰ ਰਿਹਾਅ ਕਰ ਰਹੀ ਹੈ, ਪਰ ਸਿੱਖ ਕੈਦੀਆਂ ਦੇ ਮਾਮਲੇ ਵਿਚ 'ਸਜ਼ਾ ਸਮੀਖਿਆ ਬੋਰਡ' ਨਕਾਰਾਤਮਕ ਭੂਮਿਕਾ ਨਿਭਾ ਰਿਹਾ ਹੈ। ਸਿੱਖ ਭਾਵਨਾਵਾਂ ਨਾਲ ਖਿਲਵਾੜ: ਭਾਜਪਾ ਅਤੇ ਆਮ ਆਦਮੀ ਪਾਰਟੀ ਦੋਵੇਂ ਹੀ ਸਿੱਖਾਂ ਦੇ ਹੱਕੀ ਮਸਲਿਆਂ 'ਤੇ ਦੋਹਰੀ ਰਾਜਨੀਤੀ ਕਰ ਰਹੀਆਂ ਹਨ। ਮਾਨਵੀ ਅਧਿਕਾਰ: ਸਰਦਾਰ ਪੀਰ ਮੁਹੰਮਦ ਨੇ ਕਿਹਾ ਕਿ ਇਹਨਾਂ ਸਾਰੇ ਬੰਦੀ ਸਿੰਘਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਇਸ ਲਈ ਇਨ੍ਹਾਂ ਨੂੰ ਤੁਰੰਤ ਰਿਹਾਅ ਕਰਨਾ ਚਾਹੀਦਾ ਹੈ।

ਅਪੀਲ: ਉਨ੍ਹਾਂ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਸਿੱਖ ਕੌਮ ਅੰਦਰ ਵਧ ਰਹੀ ਨਿਰਾਸ਼ਾ ਦੇਸ਼ ਦੇ ਹਿੱਤ ਵਿੱਚ ਨਹੀਂ ਹੈ। ਪ੍ਰੋ. ਭੁੱਲਰ, ਭਾਈ ਹਵਾਰਾ, ਭਾਈ ਰਾਜੋਆਣਾਅਤੇ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਸਾਰੇ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਦੇ ਆਦੇਸ਼ ਦਿੱਤੇ ਜਾਣ।

# ਰਵਨੀਤ ਬਿੱਟੂ ਭਾਜਪਾ ਦੀ ਕਠਪੁਤਲੀ, ਜਿਸ ਤੋਂ ਸਾਵਧਾਨ ਰਹਿਣ ਦੀ ਲੋੜ: ਸਿੱਖ ਫੈਡਰੇਸ਼ਨ ਆਗੂ (ਯੂਰਪ)



**ਨਵੀਂ ਦਿੱਲੀ 12 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਰਵਨੀਤ ਬਿੱਟੂ ਬੀਤੇ ਤੋ ਕੁੱਝ ਸਬਕ ਸਿੱਖੇ। ਜੇ ਬਾਬੇ ਦੇ ਨਕਸ਼ੇ ਕਦਮਾਂ ਤੇ ਚੱਲਣਾ ਹੈ ਤਾਂ ਸ਼ਹੀਦ ਭਾਈ ਦਿਲਾਵਰ ਸਿੰਘ ਦੇ ਵਾਰਸਾਂ ਨੂੰ ਨਾ ਭੁੱਲੇ ਅਤੇ ਜ਼ੇਕਰ ਦਿੱਲੀ ਦੇ ਤਖ਼ਤ ਦੀ ਸਿੱਖਾਂ ਦੇ ਖ਼ੂਨ ਨਾਲ ਖੇਡਣਾ ਫ਼ਿਤਰਤ ਹੈ ਤਾਂ ਸਿੱਖਾਂ ਨੂੰ ਵੀ ਬੰਦ ਬੰਦ ਕਟਾਉਣਾ, ਖੋਪਰ ਲਹਾਉਣੇ ਵਿਰਸੇ ਚ ਮਿਲਿਆ ਹੋਇਆ ਹੈ ਜਿਸਦਾ ਪ੍ਰਮਾਣ ਸਾਡਾ ਲਹੂ ਭਿੱਜਿਆ ਇਤਿਹਾਸ ਹੈ । ਸਿੱਖ ਫੈਡਰੇਸ਼ਨ ਜਰਮਨੀ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁਖਦੇਵ ਸਿੰਘ ਹੇਰਾਂ, ਫਰਾਂਸ ਭਾਈ ਕਸ਼ਮੀਰ ਸਿੰਘ ਗੋਸਲ, ਭਾਈ ਰਘਬੀਰ ਸਿੰਘ ਕੋਹਾੜ, ਭਾਈ ਸੁਖਦੇਵ ਸਿੰਘ ਖਾਲੂ, ਬੈਲਜੀਅਮ ਭਾਈ ਮਨਜੋਤ ਸਿੰਘ ਭੂਰਾ, ਭਾਈ ਪ੍ਰਿਥੀਪਾਲ ਸਿੰਘ ਪਟਵਾਰੀ ਨੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਭਾਜਪਾ ਵੱਲੋ ਪੰਜਾਬ ਚ ਸਿੱਖ ਨੌਜਵਾਨੀ ਨੂੰ ਗੈਂਗਸਟਰਾਂ ਦੀ ਆੜ ਚ ਮਾਰਨ ਜਾਂ ਜੇਲ੍ਹਾਂ ਚ ਨਜ਼ਰਬੰਦ ਕਰਨ ਦੇ ਮਨਸੂਬੇ ਘੜੇ ਜਾ ਰਹੇ ਹਨ ਜਿਸ ਦਾ ਖੁਲਾਸਾ ਬਿੱਟੂ ਨੇ ਸੋਸਲ ਮੀਡੀਆ ਚ ਕੀਤਾ ਹੈ। ਇਹ ਕੋਈ ਦਿੱਲੀ ਦਰਬਾਰ ਦਾ ਪਹਿਲਾ ਵਰਤਾਰਾ ਨਹੀਂ। ਜੇ ਦਿੱਲੀ ਦਰਬਾਰ ਨੂੰ ਸਿੱਖਾਂ ਦੇ ਖ਼ੂਨ ਨਾਲ ਖੇਡਣਾ ਉਹਨਾਂ ਦੀ ਫ਼ਿਤਰਤ ਹੈ ਤਾਂ ਸਿੱਖ ਇਤਿਹਾਸ ਨੂੰ ਯਾਦ ਰੱਖਣ ਸਿੱਖਾਂ ਨੂੰ ਵੀ ਜ਼ੁਲਮ ਦੇ ਜਾਲਮ ਨਾਲ ਜੂਝਣਾ, ਬੰਦ ਬੰਦ ਕਟਵਾਉਣਾ, ਖੋਪਰ ਲਹਾਉਣੇ ਵੀ ਵਿਰਸੇ ਚੋਂ ਮਿਲਿਆ ਹੋਇਆ ਹੈ । ਸਿੱਖਾਂ ਅਤੇ ਸਿੱਖੀ ਪ੍ਰਤੀ ਨਫਰਤ, ਜ਼ਿਹਰ ਉਗਲਣ ਦੀ ਵਿਰਤੀ ਦਾ ਮਾਲਕ ਰਵਨੀਤ ਬਿੱਟੂ ਵੱਲੋਂ ਜੋ ਜ਼ਿਹਰ ਉੱਗਲ ਰਿਹਾ ਹੈ ਓਹ ਭੁਲਣਯੋਗ ਨਹੀਂ ਹੈ । ਭਾਈ ਦਵਿੰਦਰਪਾਲ ਸਿੰਘ ਭੁੱਲਰ ਜੀ ਦੀ ਰਿਹਾਈ ਪਟੀਸਨ ਦਿੱਲੀ ਸਰਕਾਰ ਵੱਲੋਂ ਖਾਰਜ ਕਰਨਾ ਵੀ ਭਾਜਪਾ ਵੱਲੋਂ ਸਿੱਖਾਂ ਪ੍ਰਤੀ ਨਫ਼ਰਤ ਵਾਲੇ ਵਤੀਰੇ ਨੂੰ ਸਾਫ਼ ਜ਼ਾਹਰ ਕਰਦਾ ਹੈ। ਭਾਰਤ ਚ ਵੱਸਦੇ ਸਿੱਖਾਂ ਨੂੰ ਭਾਜਪਾ ਦੀ ਕੁਟਲਨੀਤੀ ਨੂੰ ਸਮਝਣ ਦੀ ਅੱਜ ਦੇ ਹਾਲਤਾਂ ਚ ਬਹੁਤ ਜ਼ਰੂਰਤ ਹੈ। ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਭਾਰਤੀ ਫੌਜ ਵੱਲੋਂ ਕੀਤੇ ਹਮਲੇ, ਹਜ਼ੂਰ ਸਾਹਿਬ , ਨੰਦੇੜ ਸਾਹਿਬ, ਦਿੱਲੀ, ਹਰਿਆਣਾ , ਗੁਰਦੁਆਰਾ ਸਾਹਿਬ ਦੇ ਪ੍ਰਬੰਧਾਂ ਚ ਦਖਲਅੰਦਾਜ਼ੀ ਕਰ ਸਿੱਧੇ ਤੌਰ ਅਪਣੇ ਹੱਥਾਂ ਚ ਲੈਣਾ ਸਿੱਖਾਂ ਲਈ ਬਹੁਤ ਚਿੰਤਾ ਦਾ ਵਿਸ਼ਾ ਹੈ। ਭਾਜਪਾ ਨੇ ਸਿੱਖਾਂ ਦਾ ਧਾਰਮਿਕ, ਸਮਾਜਿਕ ਤੇ ਆਰਥਿਕ ਨੁਕਸਾਨ ਕਰਨ ਲਈ ਸਿੱਖ ਚੇਹਰੇ ਬਾਦਲ, ਗਰੇਵਾਲ, ਕਾਲਕਾ, ਸਿਰਸਾ ਨੂੰ ਵਰਤਿਆ ਗਿਆ ਹੈ। ਮੌਜੂਦਾ ਸਮੇਂ ਰਵਨੀਤ ਬਿੱਟੂ ਭਾਜਪਾ ਦੀ ਕਠਪੁਤਲੀ ਬਣਿਆ ਹੋਇਆ ਹੈ ਜਿਸ ਤੋਂ ਬਹੁਤ ਹੀ ਸਾਵਧਾਨ ਰਹਿਣ ਦੀ ਲੋੜ ਹੈ।




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243